ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਐਤਵਾਰ, 24 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੬, ੧੧ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਮਾਸਕੋ ਅੱਤਵਾਦੀ ਹਮਲੇ ’ਚ ਹੁਣ ਤੱਕ 115 ਮੌਤਾਂ, ਹਿਰਾਸਤ ’ਚ ਲਏ ਗਏ 11 ਸ਼ੱਕੀ

**ਮਾਸਕੋ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਰੂਸ ਦੀ ਰਾਜਧਾਨੀ ਮਾਸਕੋ ਵਿੱਚ ਸ਼ੁੱਕਰਵਾਰ ਨੂੰ ਹਮਲਾਵਰਾਂ ਨੇ ਇੱਕ ਵੱਡੇ ਸਮਾਗਮ ਵਾਲੀ ਥਾਂ ਉੱਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ, ਜਿਸ ਵਿੱਚ 3 ਬੱਚਿਆਂ ਸਮੇਤ 115 ਲੋਕਾਂ ਦੀ ਮੌਤ ਹੋ ਗਈ। ਇਸ ਹਮਲੇ ਤੋਂ ਬਾਅਦ 11 ਲੋਕਾਂ ਨੂੰ ਹਿਰਾਸਤ ’ਚ ਲਿਆ ਗਿਆ ਹੈ। ਹਮਲਾਵਰਾਂ ਨੇ ਗੋਲੀਬਾਰੀ ਤੋਂ ਬਾਅਦ ਘਟਨਾ ਵਾਲੀ ਥਾਂ ਨੂੰ ਅੱਗ ਲਗਾ ਦਿੱਤੀ। ਇਸਲਾਮਿਕ ਸਟੇਟ ਅੱਤਵਾਦੀ ਸਮੂਹ ਨੇ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਰੂਸ ਦੀ ਸਰਕਾਰੀ ਸਮਾਚਾਰ ਏਜੰਸੀ ਟਾਸ ਦੇ ਅਨੁਸਾਰ, ਸੰਘੀ ਸੁਰੱਖਿਆ ਸੇਵਾ ਦੇ ਮੁਖੀ ਨੇ ਸ਼ਨੀਵਾਰ ਨੂੰ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੂੰ ਦੱਸਿਆ ਕਿ ਹਿਰਾਸਤ ਵਿੱਚ ਲਏ ਗਏ 11 ਵਿੱਚੋਂ ਚਾਰ ਹਮਲੇ ਵਿੱਚ ਸਿੱਧੇ ਤੌਰ ’ਤੇ ਸ਼ਾਮਲ ਸਨ। ਕੁਝ ਦਿਨ ਪਹਿਲਾਂ ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਦੇਸ਼ ਵਿਚ ਹੋਈਆਂ ਚੋਣਾਂ ਜਿੱਤ ਕੇ ਸੱਤਾ ’ਤੇ ਆਪਣੀ ਪਕੜ ਹੋਰ ਮਜ਼ਬੂਤ ? ?ਕੀਤੀ ਸੀ। ਇਸਲਾਮਿਕ ਸਟੇਟ ਸਮੂਹ ਨੇ ਸੋਸ਼ਲ ਮੀਡੀਆ ’ਤੇ ਸੰਬੰਧਿਤ ਚੈਨਲਾਂ ’ਤੇ ਸਾਂਝੇ ਕੀਤੇ ਗਏ ਇਕ ਬਿਆਨ ਵਿਚ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਇਸਲਾਮਿਕ ਸਟੇਟ ਸਮੂਹ ਨੇ ਆਪਣੀ ਅਮਾਕ ਨਿਊਜ਼ ਏਜੰਸੀ ਦੁਆਰਾ ਸਾਂਝੇ ਕੀਤੇ ਗਏ ਇੱਕ ਬਿਆਨ ਵਿੱਚ ਕਿਹਾ ਕਿ ਉਸਨੇ ਮਾਸਕੋ ਦੇ ਬਾਹਰਵਾਰ ਕ੍ਰਾਸਨੋਗੋਰਸਕ ਵਿੱਚ ‘ਈਸਾਈਆਂ’ ਦੇ ਇੱਕ ਵੱਡੇ ਇਕੱਠ ’ਤੇ ਹਮਲਾ ਕੀਤਾ, ਜਿਸ ਵਿਤ ਸੈਂਕੜੇ ਲੋਕਾਂ ਦੀ ਮੌਤ ਹੋ ਗਈ ਅਤੇ ਕਈ ਜ਼ਖ਼ਮੀ ਹੋ ਗਏ। ਫਿਲਹਾਲ ਦਾਅਵੇ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਨਹੀਂ ਹੋ ਸਕੀ ਹੈ ਪਰ ਅਮਰੀਕੀ ਖੁਫੀਆ ਏਜੰਸੀ ਦੇ ਇਕ ਅਧਿਕਾਰੀ ਨੇ ’ਦ ਐਸੋਸੀਏਟਡ ਪ੍ਰੈਸ’ ਨੂੰ ਦੱਸਿਆ ਕਿ ਅਮਰੀਕੀ ਖੁਫੀਆ ਏਜੰਸੀ ਨੂੰ ਪਤਾ ਲੱਗਾ ਸੀ ਕਿ ਅਫਗਾਨਿਸਤਾਨ ਵਿਚ ਇਸਲਾਮਿਕ ਸਟੇਟ ਸਮੂਹ ਦੀ ਸ਼ਾਖਾ ਮਾਸਕੋ ਵਿਚ ਹਮਲੇ ਦੀ ਯੋਜਨਾ ਬਣਾ ਰਹੀ ਹੈ ਅਤੇ ਉਸ ਨੇ ਰੂਸੀ ਅਧਿਕਾਰੀਆਂ ਨਾਲ ਜਾਣਕਾਰੀ ਸਾਂਝੀ ਕੀਤੀ ਸੀ।

# ਸਾਡੇ ਦੇਸ਼ ਵਿਚ ਲੋਕਤੰਤਰ ਦੀ ਹਾਲਤ ਦੇਖ ਕੇ ਸ਼ਹੀਦ ਭਗਤ ਸਿੰਘ ਦੀ ਆਤਮਾ ਨੂੰ ਵੀ ਦੁੱਖ ਹੋ ਰਿਹਾ ਹੋਵੇਗਾ: ਭਗਵੰਤ ਮਾਨ

**ਨਵੀਂ ਦਿੱਲੀ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ (ਆਪ) ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ ’ਤੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸਾਡੇ ਦੇਸ਼ ਵਿਚ ਲੋਕਤੰਤਰ ਦੀ ਹਾਲਤ ਦੇਖ ਕੇ ਭਗਤ ਸਿੰਘ ਦੀ ਆਤਮਾ ਨੂੰ ਵੀ ਦੁੱਖ ਹੋ ਰਿਹਾ ਹੋਵੇਗਾ। ਦਿੱਲੀ ਦੇ ਸ਼ਹੀਦ ਪਾਰਕ ਵਿਖੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ ਕਿ ਭਗਤ ਸਿੰਘ ਨੇ 23 ਸਾਲ ਦੀ ਛੋਟੀ ਉਮਰ ਵਿੱਚ ਆਪਣਾ ਬਲਿਦਾਨ ਦਿੱਤਾ ਤਾਂ ਜੋ ਸਾਡਾ ਦੇਸ਼ ਆਜ਼ਾਦ ਹੋ ਸਕੇ ਅਤੇ ਸਾਨੂੰ ਵੋਟ ਪਾਉਣ ਅਤੇ ਆਪਣੇ ਆਗੂ ਚੁਣਨ ਦਾ ਅਧਿਕਾਰ ਮਿਲ ਸਕੇ ਪਰ ਅੱਜ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀਆਂ ਰੂਹਾਂ ਨੂੰ ਜ਼ਰੂਰ ਦੁੱਖ ਹੋਵੇਗਾ ਕਿ ਇਸ ਦੇਸ਼ ਵਿੱਚ ਲੋਕਤੰਤਰ ਨਹੀਂ ਹੈ। ਉਹ (ਭਗਤ ਸਿੰਘ) ਜ਼ਰੂਰ ਸੋਚ ਰਿਹਾ ਹੋਵੇਗਾ, ਕੀ ਅਸੀਂ ਇਸ ਆਜ਼ਾਦੀ ਲਈ ਕੁਰਬਾਨੀ ਦਿੱਤੀ ਸੀ ? ਮਾਨ ਨੇ ਅੱਗੇ ਕਿਹਾ ਕਿ ਇਹ ਕਿਹੋ ਜਿਹਾ



ਲੋਕਤੰਤਰ ਜਾਂ ਅਜ਼ਾਦੀ ਹੈ ਜਿੱਥੇ ਇਕ ਪਾਰਟੀ ਵਿਰੋਧੀ ਧਿਰ ਨੂੰ ਚੋਣ ਪ੍ਰਚਾਰ ਨਹੀਂ ਕਰਨ ਦਿੰਦੀ, ਵਿਰੋਧੀ ਧਿਰ ਨੂੰ ਚੋਣ ਲੜਨ ਨਹੀਂ ਦਿੰਦੀ, ਵਿਰੋਧੀ ਧਿਰ ਦੇ ਨੇਤਾ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਭੇਜਦੀ ਹੈ। ਜੇਕਰ ਵਿਰੋਧੀ ਧਿਰ ਜਿੱਤ ਰਹੀ ਹੈ ਤਾਂ ਚੰਡੀਗੜ੍ਹ ਵਾਂਗ ਉਨ੍ਹਾਂ ਦੀਆਂ ਵੋਟਾਂ ਰੱਦ ਕਰਕੇ ਆਪਣੀ ਪਸੰਦ ਦਾ ਮੇਅਰ ਨਿਯੁਕਤ ਕਰੋ। ਇਹ ਵੇਖ ਸਾਡੇ ਸ਼ਹੀਦਾਂ ਦੀਆਂ ਰੂਹਾਂ ਤੜਪ ਰਹੀ ਹੋਣਗੀਆਂ। ਪਰ ਅਸੀਂ ਆਪਣੇ ਸ਼ਹੀਦਾਂ ਦੇ ਸੁਪਨਿਆਂ ਦੀ ਆਜ਼ਾਦੀ ਲਈ ਲੜਾਂਗੇ, ਇਸ ਤਾਨਾਸ਼ਾਹੀ ਵਿਰੁੱਧ ਲੜਦੇ ਰਹਾਂਗੇ। ‘ਆਪ’ ਨੇਤਾ ਨੇ ਅੱਗੇ ਕਿਹਾ ਕਿ ਉਹ ਅਰਵਿੰਦ ਕੇਜਰੀਵਾਲ ਨੂੰ ਗ੍ਰਿਫਤਾਰ ਕਰ ਸਕਦੇ ਹਨ ਪਰ ਉਨ੍ਹਾਂ ਦੀ ਸੋਚ ਨੂੰ ਕਿਵੇਂ ਰੋਕਣਗੇ ? ਅਰਵਿੰਦ ਕੇਜਰੀਵਾਲ ਦੀ ਗ੍ਰਿਫਤਾਰੀ ਤੋਂ ਬਾਅਦ ਪੂਰਾ ਦੇਸ਼ ਇੰਨਾ ਗੁੱਸੇ ’ਚ ਹੈ ਅਤੇ ਦੇਖ ਰਿਹਾ ਹੈ ਕਿ ਕਿਸ ਤਰ੍ਹਾਂ ਭਾਜਪਾ ਸਾਡੇ ਲੋਕਤੰਤਰ ਨੂੰ ਤਾਨਾਸ਼ਾਹੀ ’ਚ ਬਦਲਣ ਦੀ ਕੋਸ਼ਿਸ਼ ਕਰ ਰਹੀ ਹੈ। ਉਹ ਨਹੀਂ ਚਾਹੁੰਦੇ ਕਿ ਕੋਈ ਵਿਰੋਧੀ ਧਿਰ ਸਰਕਾਰ ਬਣਾਉਣ ਜਾਂ ਰਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ। ਜੇਕਰ ਉਹ ਦਿੱਲੀ ਹਾਰ ਜਾਂਦੇ ਹਨ ਤਾਂ ਉਨ੍ਹਾਂ ਦਾ ਐਲਜੀ ਰਾਜ ਕਰਦਾ ਹੈ।

## ਕੇਜਰੀਵਾਲ ਨੇ ਖੜਕਾਇਆ ਹਾਈਕੋਰਟ ਦਾ ਦਰਵਾਜਾ, ਗ੍ਰਿਫ਼ਤਾਰੀ ਤੇ ਰਿਮਾਂਡ ਦੇ ਫੈਸਲੇ ਨੂੰ ਦਿੱਤੀ ਚੁਣੌਤੀ

**ਨਵੀਂ ਦਿੱਲੀ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਦਿੱਲੀ ਹਾਈ ਕੋਰਟ ਦਾ ਦਰਵਾਜਾ ਖੜਕਾਇਆ ਹੈ। ਕੇਜਰੀਵਾਲ ਨੇ ਸ਼ਰਾਬ ਨੀਤੀ ਮਾਮਲੇ ਵਿੱਚ ਆਪਣੀ ਗ੍ਰਿਫ਼ਤਾਰੀ ਅਤੇ ਪੀਐਮਐਲਏ ਕੋਰਟ ਦੇ ਰਿਮਾਂਡ ਦੇ ਆਦੇਸ਼ ਨੂੰ ਚੁਣੌਤੀ ਦਿੱਤੀ ਹੈ। ਇਸ ਮਾਮਲੇ ਵਿੱਚ ਅਰਵਿੰਦ ਕੇਜਰੀਵਾਲ ਦੀ ਦਲੀਲ ਹੈ ਕਿ ਉਨ੍ਹਾਂ ਦੀ ਗ੍ਰਿਫ਼ਤਾਰੀ ਅਤੇ ਰਿਮਾਂਡ ਦੇ ਹੁਕਮ ਦੋਵੇਂ ਗੈਰ-ਕਾਨੂੰਨੀ ਹਨ ਅਤੇ ਉਹ ਤੁਰੰਤ ਹਿਰਾਸਤ ਤੋਂ ਰਿਹਾਅ ਹੋਣ ਦੇ ਹੱਕਦਾਰ ਹਨ। ਚੀਫ਼



ਜਸਟਿਸ ਤੋਂ ਐਤਵਾਰ (24 ਮਾਰਚ) ਤੱਕ ਤੁਰੰਤ ਸੁਣਵਾਈ ਦੀ ਮੰਗ ਕੀਤੀ ਗਈ ਹੈ। ਇਸ ਤੋਂ ਪਹਿਲਾਂ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਤੋਂ ਬਾਅਦ ਸੁਰਜੀਤ ਸਿੰਘ ਯਾਦਵ ਨੇ 22 ਮਾਰਚ ਨੂੰ ਦਿੱਲੀ ਹਾਈ ਕੋਰਟ ਵਿੱਚ ਜਨਹਿੱਤ ਪਟੀਸ਼ਨ ਦਰਜ ਕਰਕੇ ਉਨ੍ਹਾਂ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾਉਣ ਦੀ ਬੇਨਤੀ ਕੀਤੀ ਸੀ। ਉਸ ਪਟੀਸ਼ਨ ’ਚ ਮੰਗ ਕੀਤੀ ਗਈ ਹੈ ਕਿ ਕੇਂਦਰ ਸਰਕਾਰ ਦੇ ਪ੍ਰਮੁੱਖ ਸਕੱਤਰ, ਦਿੱਲੀ ਸਰਕਾਰ ਅਤੇ ਉਪ ਰਾਜਪਾਲ ਤੋਂ ਇਹ ਸਪੱਸ਼ਟੀਕਰਨ ਮੰਗਿਆ ਜਾਵੇ ਕਿ ਕੇਜਰੀਵਾਲ ਕਿਸ ਅਧਿਕਾਰ ਤਹਿਤ ਮੁੱਖ ਮੰਤਰੀ ਦਾ ਅਹੁਦਾ ਸੰਭਾਲ ਰਹੇ ਹਨ। ਪਟੀਸ਼ਨਕਰਤਾ ਨੇ ਕੇਜਰੀਵਾਲ ਨੂੰ ਮੁੱਖ ਮੰਤਰੀ ਦੇ ਅਹੁਦੇ ਤੋਂ ਹਟਾਉਣ ਦੀ ਵੀ ਬੇਨਤੀ ਕੀਤੀ ਹੈ।

## ਜ਼ਹਿਰੀਲੀ ਸ਼ਰਾਬ ਪੀਣ ਨਾਲ 18 ਲੋਕਾਂ ਦੀ ਹੋਈ ਮੌਤ, ਅੰਕੜਾ ਲਗਾਤਾਰ ਵੱਧਦਾ ਜਾ ਰਿਹਾ, 31 ਹਾਲੇ ਵੀ ਜ਼ੇਰੇ ਇਲਾਜ

**ਸੰਗਰੂਰ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਦੇ ਜਿਲ੍ਹੇ ਸੰਗਰੂਰ ’ਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਮੌਤਾਂ ਦਾ ਸਿਲਸਿਲਾ ਰੁਕਣ ਦਾ ਨਾਂ ਨਹੀਂ ਲੈ ਰਿਹਾ ਹੈ। ਸ਼ੁੱਕਰਵਾਰ ਨੂੰ 10 ਹੋਰ ਲੋਕਾਂ ਦੀ ਮੌਤ ਹੋ ਗਈ। ਇਸ ਨਾਲ ਮਰਨ ਵਾਲਿਆਂ ਦੀ ਗਿਣਤੀ 18 ਹੋ ਗਈ ਹੈ। ਇਸ ਤੋਂ ਇਲਾਵਾ ਸੰਗਰੂਰ ਅਤੇ ਪਟਿਆਲਾ ਵਿੱਚ 31 ਲੋਕ ਅਜੇ ਵੀ ਜ਼ੇਰੇ ਇਲਾਜ ਹਨ। ਮਰਨ ਵਾਲੇ ਜ਼ਿਆਦਾਤਰ ਲੋਕ ਸੁਨਾਮ ਹਲਕੇ ਅਧੀਨ ਪੈਂਦੇ ਟਿੱਬੀ ਰਵਿਦਾਸਪੁਰਾ ਦੇ ਵਸਨੀਕ ਸਨ। ਇਸ ਮਾਮਲੇ ਵਿੱਚ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਖੁਦ ਨੋਟਿਸ ਲੈਂਦਿਆਂ ਪੰਜਾਬ ਦੇ ਮੁੱਖ ਸਕੱਤਰ ਅਤੇ ਪੁਲਿਸ ਡਾਇਰੈਕਟਰ ਜਨਰਲ ਨੂੰ ਨੋਟਿਸ ਜਾਰੀ ਕਰਕੇ ਚਾਰ ਹਫ਼ਤਿਆਂ ਵਿੱਚ ਵਿਸਥਾਰਤ ਰਿਪੋਰਟ ਪੇਸ਼ ਕਰਨ ਲਈ ਕਿਹਾ ਹੈ। ਉਧਰ ਡੀਸੀ ਜਤਿੰਦਰ ਜੋਰਵਾਲ ਦਾ ਕਹਿਣਾ ਹੈ ਕਿ ਹਾਈ ਪਾਵਰ ਜਾਂਚ ਕਮੇਟੀ ਰਾਤ ਜਾਂ ਸਵੇਰ ਤੱਕ ਆਪਣੀ ਰਿਪੋਰਟ ਦੇਵੇਗੀ। ਰਿਪੋਰਟ ਮੁਤਾਬਕ ਕਾਰਵਾਈ ਲਈ ਸਰਕਾਰ ਨੂੰ ਸਿਫਾਰਸ਼ਾਂ ਭੇਜੀਆਂ ਜਾਣਗੀਆਂ। ਪੁਲਿਸ ਨੇ ਸ਼ੁੱਕਰਵਾਰ ਨੂੰ ਚਾਰ ਹੋਰ ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ। ਦੱਸ ਦੇਈਏ ਕਿ ਜ਼ਿਹਰੀਲੀ ਸ਼ਰਾਬ ਬਣਾਉਣ ਵਾਲੇ ਸਰਗਨਾ ਸਮੇਤ ਚਾਰ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਦੇ ਨਾਲ ਹੀ ਵੱਖ-ਵੱਖ ਜਥੇਬੰਦੀਆਂ ਨੇ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨਾਲ ਮਿਲ ਕੇ ਡੀਸੀ ਦਫ਼ਤਰ ਅੱਗੇ ਪੱਕਾ ਮੋਰਚਾ ਲਾਇਆ ਹੈ। ਪੁਲਿਸ ਦੀ ਜਾਂਚ ਮੁਤਾਬਕ ਕਿੰਗਪਿਨ ਹਰਮਨਪ੍ਰੀਤ ਸਿੰਘ ਨੇ ਯੂ-ਟਿਊਬ ਤੋਂ ਸ਼ਰਾਬ ਬਣਾਉਣੀ ਸਿੱਖੀ ਸੀ ਅਤੇ ਆਪਣੇ ਹੀ ਘਰ ’ਚ ਫੈਕਟਰੀ ਲਗਾਈ। ਮੁਲਜ਼ਮਾਂ ਨੇ 10 ਪੇਟੀਆਂ ਨਕਲੀ ਸ਼ਰਾਬ ਪਿੰਡ ਗੁੱਜਰਾਂ ਵਿੱਚ ਸਪਲਾਈ ਕੀਤੀ ਸੀ। ਜਿੱਥੋਂ ਇਹ ਲੋਕਾਂ ਤੱਕ ਪਹੁੰਚਿਆ। ਮੁਲਜ਼ਮਾਂ ਖ਼ਿਲਾਫ਼ 6 ਦਸੰਬਰ 2022 ਨੂੰ ਸੰਗਰੂਰ ਜ਼ਿਲ੍ਹੇ ਦੇ ਖਨੌਰੀ ਥਾਣੇ ਵਿੱਚ ਇੱਕ ਵਿਅਕਤੀ ਨੂੰ ਅਗਵਾ ਕਰਕੇ ਫਿਰੌਤੀ ਮੰਗਣ ਦਾ ਕੇਸ ਵੀ ਦਰਜ ਹੈ। ਪੁਲਿਸ ਪੁੱਛਗਿੱਛ ਵਿੱਚ ਇਹ ਵੀ ਸਾਹਮਣੇ ਆਇਆ ਕਿ ਕਿੰਗਪਿਨ ਹਰਮਨਪ੍ਰੀਤ ਸਿੰਘ ਨੇ ਹਾਲ ਹੀ ਵਿੱਚ ਸ਼ਰਾਬ ਬਣਾਉਣ ਦਾ ਕੰਮ ਸ਼ੁਰੂ ਕੀਤਾ ਸੀ। ਹਰਮਨਪ੍ਰੀਤ ਸਿੰਘ ਦਾ ਮੰਨਣਾ ਸੀ ਕਿ ਜ਼ਿਆਦਾ ਨਸ਼ਾ ਹੋਣ ਕਾਰਨ ਸ਼ਰਾਬ ਦਾ ਖਪਤ ਵੀ ਵਧੇਗਾ। ਹਰਮਨਪ੍ਰੀਤ ਸਿੰਘ ਵੱਲੋਂ 120 ਬੋਤਲਾਂ ਦੀ ਪਹਿਲੀ ਖੇਪ ਤਿਆਰ ਕੀਤਾ ਗਈ ਸੀ। ਪਹਿਲੀ ਕੋਸ਼ਿਸ਼ ਦੌਰਾਨ ਪੂਰੀ ਜਾਣਕਾਰੀ ਨਾ ਹੋਣ ਕਾਰਨ ਇਹ ਸ਼ਰਾਬ ਜ਼ਿਹਰੀਲਾ ਹੋ ਗਿਆ। ਪੁਲਿਸ ਮੁਤਾਬਕ ਹਰਮਨਪ੍ਰੀਤ ਸਿੰਘ ਵੱਲੋਂ ਬਣਾਈ ਗਈ ਨਕਲੀ ਸ਼ਰਾਬ ਪਿੰਡ ਗੁੱਜਰਾਂ ਅਤੇ ਆਸ-ਪਾਸ ਦੇ ਪਿੰਡਾਂ ਦੇ ਕਈ ਘਰਾਂ ਤੱਕ ਪਹੁੰਚ ਚੁੱਕੀ ਹੈ। ਪੁਲਿਸ ਵੱਲੋਂ ਪਿੰਡ ਗੁੱਜਰਾਂ ਤੋਂ 20 ਕਿਲੋਮੀਟਰ ਦੇ ਘੇਰੇ ਵਿੱਚ ਅਜਿਹੀ ਸ਼ਰਾਬ ਦਾ ਸੇਵਨ ਨਾ ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ।






ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

### ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਪੰਜਾਬ ’ਚ ਰੇਲਵੇ ਦੀ ਵੱਡੀ ਲਾਪਰਵਾਹੀ ! ਰੁਕਣਾ ਸੀ ਜਲੰਧਰ ਤੇ ਜੰਮੂ ਰੂਟ ’ਤੇ ਪਹੁੰਚੀ ਪੈਟਰੋਲ ਟੈਂਕਰ ਨਾਲ ਭਰੀ ਗੱਡੀ, ਵੱਡਾ ਹਾਦਸਾ ਟਲਿਆ

**ਜਲੰਧਰ, 23 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਇੱਕ ਵਾਰ ਫਿਰ ਰੇਲਵੇ ਦੀ ਲਾਪਰਵਾਹੀ ਸਾਹਮਣੇ ਆਈ ਹੈ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਜਲੰਧਰ ਦੇ ਸੁੱਚੀਪਿੰਡ ਸਥਿਤ ਇੰਡੀਅਨ ਆਇਲ ਸਟੇਸ਼ਨ ’ਤੇ ਆ ਰਹੀ ਮਾਲ ਗੱਡੀ ਉਥੇ ਰੁਕਣ ਦੀ ਬਜਾਏ ਸਿੱਧੀ ਪਠਾਨਕੋਟ-ਜੰਮੂ ਰੂਟ ’ਤੇ ਚਲੀ ਗਈ। ਜਦੋਂ ਬਿਨਾਂ ਕਿਸੇ ਜਾਣਕਾਰੀ ਦੇ ਉਕਤ ਰੂਟ ’ਤੇ ਇੱਕ ਮਾਲ ਗੱਡੀ ਦੇਖੀ ਤਾਂ ਅਧਿਕਾਰੀ ਹੈਰਾਨ ਰਹਿ ਗਏ ਕਿਉਂਕਿ ਜੇਕਰ



ਉਕਤ ਰਸਤੇ ’ਤੇ ਸਮੇਂ ਸਿਰ ਕਾਬੂ ਨਾ ਪਾਇਆ ਜਾਂਦਾ ਤਾਂ ਵੱਡਾ ਹਾਦਸਾ ਵਾਪਰ ਸਕਦਾ ਸੀ। ਉਕਤ ਮਾਲ ਗੱਡੀ ਨੂੰ ਹੁਸ਼ਿਆਰਪੁਰ ਦੇ ਮੁਕੇਰੀਆ ਰੇਲਵੇ ਸਟੇਸ਼ਨ ਨੇੜੇ ਰੋਕਿਆ ਗਿਆ ਅਤੇ ਉਥੋਂ ਉਕਤ ਪੈਟਰੋਲ ਟੈਂਕਰ ਨੂੰ ਦੁਬਾਰਾ ਜਲੰਧਰ ਲਈ ਰਵਾਨਾ ਕੀਤਾ ਗਿਆ। ਪੂਰੀ ਮਾਲ ਗੱਡੀ ਨਾਲ ਪੈਟਰੋਲ ਟੈਂਕਰ ਲੱਗੇ ਹੋਏ ਸਨ। ਦੱਸ ਦਈਏ ਕਿ ਫ਼ਿਰੋਜ਼ਪੁਰ ਡਿਵੀਜ਼ਨ ਉਪਰੋਕਤ ਘਟਨਾ ਨੂੰ ਵੱਡੀ ਘਟਨਾ ਮੰਨ ਰਹੀ ਹੈ ਕਿਉਂਕਿ ਇਸ ਨਾਲ ਬਹੁਤ ਵੱਡਾ ਨੁਕਸਾਨ ਹੋ ਸਕਦਾ ਸੀ ਅਤੇ ਇਸ ਨਾਲ ਕੁਝ ਹੱਦ ਤੱਕ ਨੁਕਸਾਨ ਵੀ ਹੋਇਆ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਉਕਤ ਮਾਲ ਗੱਡੀ 50 ਤੇਲ ਕੈਂਟਰਾਂ ਨਾਲ ਗਾਂਧੀਧਾਮ ਤੋਂ ਰਵਾਨਾ ਹੋਈ ਸੀ ਜਿਸ ਨੇ ਅੱਜ ਜਲੰਧਰ ਦੇ ਸੁੱਚੀਪਿੰਡ ਰੇਲਵੇ ਹੌਲਟ ਤੋਂ ਇੰਡੀਅਨ ਆਇਲ ਵਿੱਚ ਦਾਖਲ ਹੋਣਾ ਸੀ। ਇਸ ਦੌਰਾਨ ਲੁਧਿਆਣਾ ਵਿਖੇ ਉਕਤ ਮਾਲ ਗੱਡੀ ਦਾ ਡਰਾਈਵਰ ਸਵੇਰੇ ਹੀ ਬਦਲ ਦਿੱਤਾ ਗਿਆ। ਜਿਨ੍ਹਾਂ ਨੂੰ ਰੇਲਗੱਡੀ ਦਾ ਵੱਖਰਾ ਮੈਮੋ ਦਿੱਤਾ ਗਿਆ ਸੀ। ਜਿਸ ਤੋਂ ਬਾਅਦ ਜਦੋਂ ਮਾਲ ਗੱਡੀ ਲੁਧਿਆਣਾ ਤੋਂ ਰਵਾਨਾ ਹੋਈ ਤਾਂ ਸਟੇਸ਼ਨ ਕੋਡ ਲਿਸਟ ਵੀ ਡਰਾਈਵਰ ਨੂੰ ਦੇ ਦਿੱਤੀ ਗਈ। ਪਰ ਉਸ ਨੂੰ ਇਹ ਨਹੀਂ ਸੀ ਪਤਾ ਕਿ ਮਾਲ ਗੱਡੀ ਜਲੰਧਰ ਸੁੱਚੀ ਪਿੰਡ ਇੰਡੀਅਨ ਆਇਲ ਵਿਖੇ ਰੁਕਣੀ ਹੈ ਜਿਸ ਕਾਰਨ ਉਹ ਮਾਲ ਗੱਡੀ ਲੈ ਕੇ ਪਠਾਨਕੋਟ-ਜੰਮੂ ਰੂਟ ’ਤੇ ਚਲਾ ਗਿਆ। ਡਰਾਈਵਰ ਨੂੰ ਮੁਕੇਰੀਆਂ ਜਾਣ ਤੋਂ ਬਾਅਦ ਪਤਾ ਲੱਗਾ। ਤੁਹਾਨੂੰ ਦੱਸ ਦੇਈਏ ਕਿ ਇਸ ਤੋਂ ਪਹਿਲਾਂ ਪੰਜਾਬ ਵਿੱਚ ਇੱਕ ਮਾਲ ਗੱਡੀ ਬਿਨਾਂ ਡਰਾਈਵਰ ਦੇ ਚੱਲਦੀ ਦੇਖੀ ਗਈ ਸੀ। ਜਿਸ ਨੂੰ ਕਿਸੇ ਤਰ੍ਹਾਂ ਹੁਸ਼ਿਆਰਪੁਰ ਵਿਖੇ ਰੋਕਿਆ ਗਿਆ। ਉਕਤ ਗੱਡੀ ਬਿਨਾਂ ਡਰਾਈਵਰ ਤੋਂ ਕਠੂਆ ਤੋਂ ਪੰਜਾਬ ਪਹੁੰਚੀ ਸੀ। ਇਸ ਸਬੰਧੀ ਫ਼ਿਰੋਜ਼ਪੁਰ ਡਵੀਜ਼ਨ ਦੇ ਡੀਆਰਐਮ ਨੇ ਕਰੀਬ 6 ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਸੀ। ਪਿਛਲੇ 40 ਦਿਨਾਂ ਵਿੱਚ ਇਹ ਦੂਜੀ ਵਾਰ ਹੈ ਜਦੋਂ ਕਿਸੇ ਡਰਾਈਵਰ ਦੀ ਲਾਪਰਵਾਹੀ ਸਾਹਮਣੇ ਆਈ ਹੈ। ਸੂਤਰਾਂ ਤੋਂ ਪਤਾ ਲੱਗਾ ਹੈ ਕਿ ਉਕਤ ਟਰੇਨ ’ਚ ਹਵਾਈ ਜਹਾਜ਼ ਦਾ ਤੇਲ ਸੀ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਮੈਂ ਇਹ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਦਸਵੰਧ ਕੱਢਿਆ ਜਾਵੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਹੋਵੇ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £630.000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਈ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।


**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਉਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੰਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642




# ਸਿਧਾਂਤ ਰਾਜਨੀਤੀ ਤੋਂ ਉਪਰ: ਅਕਾਲੀ ਦਲ : ਅਕਾਲੀ ਦਲ ਕੋਰ ਕਮੇਟੀ ਨੇ ਲੋਕ ਸਭਾ ਚੋਣਾਂ ਲਈ ਮੁੱਦਿਆਂ ਨੂੰ ਕੀਤਾ ਉਜਾਗਰ



ਚੰਡੀਗੜ੍ਹ, 22 ਮਾਰਚ ਸ਼੍ਰੋਮਣੀ ਅਕਾਲੀ ਦਲ ਕੋਰ ਕਮੇਟੀ ਨੇ ਅੱਜ ਸਰਬਸੰਮਤੀ ਨਾਲ ਉਹਨਾਂ ਮੁੱਦਿਆਂ, ਨੀਤੀਆਂ ਤੇ ਸਿਧਾਂਤਾਂ ਨੂੰ ਉਜਾਗਰ ਕੀਤਾ ਜਿਹਨਾਂ ਨੂੰ ਲੈ ਕੇ ਪਾਰਟੀ ਆਉਂਦੀਆਂ ਲੋਕ ਸਭਾ ਚੋਣਾਂ ਵਿਚ ਫਤਵਾ ਲੈਣ ਲਈ ਪੰਜਾਬ ਦੇ ਲੋਕਾਂ ਕੋਲ ਜਾਵੇਗੀ। ਪਾਰਟੀ ਦੀ ਕੋਰ ਕਮੇਟੀ ਦੀ ਮੀਟਿੰਗ ਜੋ ਪਾਰਟੀ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਪ੍ਰਧਾਨਗੀ ਹੇਠ ਹੋਈ ਵਿਚ ਇਕ ਵਿਸ਼ੇਸ਼ ਮਤਾ ਪਾਸ ਕਰ ਕੇ ਕਿਹਾ ਗਿਆ ਕਿ ਪਾਰਟੀ ਲਈ ਸਾਡੇ ਸਿਧਾਂਤ ਰਾਜਨੀਤੀ ਤੋਂ ਉਪਰ ਹਨ ਤੇ ਇਹ ਕਦੇ ਵੀ ਖਾਲਸਾ ਪੰਥ, ਸਾਰੀਆ ਘੱਟ ਗਿਣਤੀਆਂ ਤੇ ਪੰਜਾਬੀਆਂ ਦੇ ਹਿੱਤਾਂ ਵਾਸਤੇ ਡੱਟਣ ਦੀ ਇਤਿਹਾਸਕ ਭੂਮਿਕਾ ਤੋਂ ਪਿੱਛੇ ਨਹੀਂ ਹਟੇਗੀ। ਨਾਲ ਹੀ ਇਹ ਆਪਣਾ ਸਾਰਾ ਜ਼ੋਰ ਸਰਬੱਤ ਦੇ ਭਲੇ ਦੇ ਸਿਧਾਂਤ ਮੁਤਾਬਕ ਸ਼ਾਂਤੀ ਤੇ ਫਿਰਕੂ ਸਦਭਾਵਨਾ ਕਾਇਮ ਕਰਨ ਤੇ ਸੰਭਾਲਣ 'ਤੇ ਵੀ ਲਗਾਉਣਾ ਜਾਰੀ ਰੱਖੇਗੀ। ਸਿੱਖਾਂ ਅਤੇ ਪੰਜਾਬੀਆਂ ਦੀ ਇਕਲੌਤੀ ਨੁਮਾਇੰਦਾ ਜਥੇਬੰਦੀ ਹੋਣ ਦੇ ਨਾਅਤੇ ਪਾਰਟੀ ਰਾਜਾਂ ਵਾਸਤੇ ਵੱਧ ਤਾਕਤਾਂ ਤੇ ਵਾਜਬ ਖੁਦਮੁਖ਼ਿਤਆਰੀ ਦੀ ਲੜਾਈ ਜਾਰੀ ਰੱਖੇਗੀ। ਅਸੀਂ ਕਦੇ ਵੀ ਇਹਨਾਂ ਹਿੱਤਾਂ 'ਤੇ ਸਮਝੌਤਾ ਨਹੀਂ ਕੀਤਾ ਤੇ ਨਾ ਹੀ ਭਵਿੱਖ ਵਿਚ ਇਹਨਾਂ 'ਤੇ ਚੌਕਸੀ ਵਿਚ ਕੋਈ ਘਾਟ ਆਉਣ ਦਿੱਤੀ ਜਾਵੇਗੀ। ਮਤੇ ਵਿਚ ਭਾਰਤ ਸਰਕਾਰ ਨੂੰ ਹੋਰ ਅਪੀਲ ਕੀਤੀ ਗਈ ਕਿ ਉਹ ਬੰਦੀ ਸਿੰਘਾਂ ਜਿਹਨਾਂ ਨੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ, ਦੀ ਰਿਹਾਈ ਲਈ ਕੀਤੇ ਆਪਣੇ ਲਿਖਤੀ ਵਾਅਦੇ ਨੂੰ ਪੂਰਾ ਕਰੇ। ਇਹ ਵਾਅਦੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਦੇ ਪਵਿੱਤਰ ਮੌਕੇ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਾਜ਼ਰੀ ਵਿਚ ਕੀਤੇ ਗਏ ਸਨ। ਮਤੇ ਵਿਚ ਹੋਰ ਕਿਹਾ ਗਿਆ ਕਿ ਅਕਾਲੀ ਦਲ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਹੱਕਾਂ ਵਾਸਤੇ ਡਟਿਆ ਰਹੇਗਾ ਅਤੇ ਉਹਨਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਹੋਣੇ ਚਾਹੀਦੇ ਹਨ। ਮਤੇ ਮੁਤਾਬਕ ਅਕਾਲੀ ਦਲ ਕਿਸਾਨਾਂ ਦੀ ਸਭ ਤੋਂ ਵੱਡੀ ਪ੍ਰਤੀਨਿਧ ਲੋਕਤੰਤਰੀ ਜਥੇਬੰਦੀ ਹਨ ਅਤੇ ਇਹ ਹਮੇਸ਼ਾ ਉਹਨਾਂ ਦੇ ਹਿੱਤਾਂ ਖ਼ਾਤਰ ਮੋਹਰੀ ਹੋਕੇ ਲੜਦੀ ਰਹੀ ਹੈ। ਮਤੇ ਵਿਚ ਖਾਲਸਾ ਪੰਥ ਦੇ ਧਾਰਮਿਕ ਮਾਮਲਿਆਂ ਅਤੇ ਸੰਸਥਾਵਾਂ ਦੇ ਕੰਮਕਾਜ ਵਿਚ ਬੇਲੋੜੀਣੀ ਦਖਲਅੰਦਾਜ਼ੀ ਤੁਰੰਤ ਬੰਦ ਕਰਨ ਦੀ ਮੰਗ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਅਸੀਂ ਹਰਿਆਣਾ ਵਿਚ ਵੱਖਰੀ ਕਮੇਟੀ ਬਣਾ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਅਤੇ ਕਮਜ਼ੋਰ ਕਰਨ ਦੀਆਂ ਸਾਜ਼ਿਸ਼ਾਂ ਦੀ ਸਖ਼ਤ ਨਿਖੇਧੀ ਕਰਦੇ ਹਾਂ। ਅਸੀਂ ਦਿੱਲੀ ਗੁਰਦੁਆਰਾ ਕਮੇਟੀ, ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਸਾਹਿਬ ਅਤੇ ਤਖਤ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀਆਂ 'ਤੇ ਕਬਜ਼ੇ ਕਰਨ ਦੀ ਵੀ ਨਿਖੇਧੀ ਕਰਦੇ ਹਾਂ। ਮਤੇ ਵਿਚ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਨਵੀਂ ਦਿੱਲੀ ਵਿਚ ਅਸਥਾਨ ਨੂੰ ਢਹਿ ਢੇਰੀ ਕਰਨ ਦੀ ਨਿਖੇਧੀ ਕੀਤੀ ਗਈ ਤੇ ਇਸਦੀ ਮੁੜ ਉਸਾਰੀ ਵਾਸਤੇ ਵੱਖਰੀ ਥਾਂ ਅਲਾਟ ਕਰਨ ਦੀ ਮੰਗ ਕੀਤੀ ਗਈ। ਮਤੇ ਵਿਚ ਕਿਹਾ ਗਿਆ ਕਿ ਪਵਿੱਤਰ ਆਤਮਾ ਅਤੇ ਦੁਨੀਆਂ ਭਰ ਵਿਚ ਇਹਨਾਂ ਦੇ ਲੱਖਾਂ ਸ਼ਰਧਾਲੂਆਂ ਵਿਚ ਇਸ ਪਵਿੱਤਰ ਅਸਥਾਨ ਲਈ ਇਹ ਥਾਂ ਅਲਾਟ ਕਰਨ ਤੋਂ ਨਾਂਹ ਕਰਨਾ ਬਹੁਤ ਵੱਡਾ ਵਿਤਕਰਾ ਅਤੇ ਅਨਿਆਂ ਹੈ। ਕੋਰ ਕਮੇਟੀ ਨੇ ਜ਼ਮੀਨ ਰਾਹੀਂ ਹੋਰ ਮੁਲਕਾਂ ਨਾਲ ਵਪਾਰ ਦਾ ਰਾਹ ਖੋਲ੍ਹਣ ਵਾਸਤੇ ਅਟਾਰੀ ਤੇ ਫਿਰੋਜ਼ਪੁਰ ਸਰਹੱਦ ਖੋਲ੍ਹਣ ਦੀ ਮੰਗ ਕੀਤੀ ਤੇ ਕਿਹਾ ਕਿ ਪੰਜਾਬ ਸਾਰੇ ਪਾਸੇ ਤੋਂ ਘਿਰਿਆ ਸੂਬਾ ਹੈ ਜਿਸਨੂੰ ਇਸ ਸਬੰਧ ਵਿਚ ਕਈ ਰੁਕਾਵਟਾਂਦਾ ਸਾਹਮਣਾ ਕਰਨਾ ਪੈਂਦਾ ਹੈ। ਅਕਾਲੀ ਦਲ ਹਮੇਸ਼ਾ ਮਨੁੱਖੀ ਅਧਿਕਾਰਾਂ ਦੇ ਹੱਕ ਵਿਚ ਅਤੇ ਐਨ ਐਸ ਏ ਵਰਗੇ ਕਾਲੇ ਕਾਨੂੰਨਾਂ ਦੀ ਦੁਰਵਰਤੋਂ ਦੇ ਖਿਲਾਫ ਡਟਿਆ ਹੈ। ਇਹਨਾਂ ਕਦਮਾਂ ਦਾ ਪਾਰਟੀ ਨੇ ਐਮਰਜੰਸੀ ਵੇਲੇ ਵੀ ਵਿਰੋਧ ਕੀਤਾ ਸੀ। ਸਭ ਤੋਂ ਵੱਡੇ ਦੇਸ਼ ਭਗਤ ਸਰਦਾਰ ਪ੍ਰਕਾਸ਼ ਸਿੰਘ ਬਾਦਲ 'ਤੇ ਵੀ ਸਮੇਂ ਦੀਆਂ ਕਾਂਗਰਸ ਸਰਕਾਰਾਂ ਨੇ ਐਨ ਐਸ ਏ ਵਰਗੇ ਕਾਨੂੰਨ ਲਾਗੂ ਕੀਤੇ। ਪਾਰਟੀ ਨੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਵੱਲੋਂ ਸਿਰਜੇ ਸੰਵਿਧਾਨ ਨੂੰ ਕਿਸੇ ਵੀ ਤਰੀਕੇ ਦਾ ਖੋਰਾ ਲਾਉਣ ਦਾ ਵਿਰੋਧ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV







# SANT BEANT SINGH JI

BER KALAN WALE | UK TOUR 2024

SAT 2ND MARCH - SUN 3RD MARCH: SOUTHAMPTON

MON 4TH MARCH - SUN 10TH MARCH 7:40-8:20PM:
NANAKSAR THATH ISHER DARBAR, WOLVERHAMPTON, WV3 0JU

MON 11TH MARCH - TUES 12TH MARCH 7:30-8:00PM:
GURU HAR RAI GURDWARA, WEST BROMWICH, B70 6JW

WED 13TH MARCH - FRI 15TH MARCH 6:45-7:45PM:
DARBAR SRI GURU GRANTH SAHIB JI, WALSALL, WS2 9EQ

SAT 16TH MARCH 7:30-8:00PM:
GURU HAR RAI GURDWARA, WEST BROMWICH, B70 6JW

SUN 17TH MARCH 2:00-3:00PM:
GURU HAR RAI GURDWARA, WEST BROMWICH, B70 6JW

SUN 17TH MARCH 6:30-7:30PM:
GURDWARA GURU NANAK PARKASH, COVENTRY, CV1 4FB

MON 18TH - SUN 24TH MARCH
7:30-8:15AM | 10:00-11:00AM | 6:30-7:15PM:
BABA SANG GURDWARA, SMETHWICK, B66 1EE

MON 25TH - SUN 31ST MARCH: SOUTHALL

SANT BEANT SINGH | WHATSAPP: +918530000006






ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ

ਦਸਤਾਰਾਂ ਹੀ ਦਸਤਾਰਾਂ



# ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446

# ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com

Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ
A
अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

# ਗੁਰੂ ਨਾਨਕ ਗੁਰਦੁਆਰਾ

## ਵੇਲ ਲੇਨ, ਵੈਨਜਫੀਲਡ ਵੁਲਵਰਹੈਂਪਟਨ



ਵੈਡਨਸਫੀਲਡ ਦੀ ਸਮੂਹ ਸਾਧ ਸੰਗਤ ਵੱਲੋਂ

# ਬੰਦੀ ਸਿੰਘਾ ਦੀ ਰਿਹਾਈ ਲਈ ਅਰਦਾਸ ਸਮਾਗਮ

## 24 ਮਾਰਚ, 2024 (ਦਿਨ ਐਤਵਾਰ)

ਸ੍ਰੀ ਅਖੰਡ ਪਾਠ ਸਾਹਿਬ 22 ਮਾਰਚ ਨੂੰ ਸਵੇਰੇ 10 ਵਜੇ ਰੱਖੇ ਜਾਣਗੇ ਅਤੇ 24 ਮਾਰਚ ਨੂੰ ਸਵੇਰੇ 10 ਵਜੇ ਭੋਗ ਪੈਣਗੇ। ਉਪਰੰਤ ਧਾਰਮਿਕ ਦੀਵਾਨ ਸਜਣਗੇ



ਜ਼ਰੂਰੀ ਨੋਟ :- ਸਾਰੀਆਂ ਸੰਗਤਾਂ ਅਤੇ ਸਮੂਹ ਪੰਥਕ ਜਥੇਬੰਦੀਆਂ ਨੂੰ ਇਸ ਸਮਾਗਮ ਵਿੱਚ ਹਾਜਰੀ ਭਰਨ ਦਾ ਸੱਦਾ ਦਿੱਤਾ ਜਾਂਦਾ ਹੈ।

☛ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# GURU NANAK GURDWARA

**Well Lane, Wednesfield, Wolverhampton, England (U.K.) Post Code : WV11 1XT**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਭਾਈ ਪਰਮਜੀਤ ਸਿੰਘ ਢਾਡੀ +44 7917 353349

ਆਵਾਜ਼ਿ ਕੌਮ AWAZE QAUM International Newspaper & WEB TV





# ਸ.ਭਗਤ ਸਿੰਘ ਦੇ ਪ੍ਰਸੰਗ ਵਿਚ ਗੜਬੜ ਕਿਥੇ ਹੈ ? -ਸਰਬਜੀਤ ਸਿੰਘ ਘੁਮਾਣ

ਫੋਟੋਆਂ ਗਵਾਹ ਹਨ ਕਿ ਸ.ਭਗਤ ਸਿੰਘ ਦਾ ਸਾਰਾ ਪਰਿਵਾਰ ਸਾਬਤ ਸੂਰਤ ਜਾਂ ਦਸਤਾਰਧਾਰੀ ਰਿਹਾ।ਇਹ ਵੀ ਤੱਥ ਜੱਗਜਾਹਿਰ ਹੈ ਕਿ ਸ.ਭਗਤ ਸਿੰਘ ਨੂੰ ਕੇਸ ਸਿਰਫ ਉਦੋਂ ਮੁੰਨਾਉਣੇ ਪਏ ਜਦ ਸਾਂਡਰਸ ਨੂੰ ਗੋਲੀ ਮਾਰਨ ਮਗਰੋਂ ਲਾਹੌਰ ਤੋਂ ਨਿਕਲਣਾ ਸੀ ਤੇ ਭੇਸ ਵਟਾਉਣਾ ਸੀ। ਇਹ ਵੀ ਤੱਥ ਹੈ ਕਿ ਅੰਤਮ ਸਮੇਂ ਉਹਨੇ ਕੇਸ ਰੱਖ ਲਏ ਸੀ।ਫਿਰ ਤਾਂ ਉਨਾਂ ਲੋਕਾਂ ਦੀ ਨਿਰੀ ਨੰਗੀ-ਚਿੱਟੀ ਬੇਈਮਾਨੀ ਹੈ ਜਿਹੜੇ ਸ.ਭਗਤ ਸਿੰਘ ਦੀ ਸਰਦਾਰੀ ਖੋਹਕੇ,ਉਹਦੇ ਸਿਰ ਤੋਂ ਦਸਤਾਰ ਲਾਹਕੇ,ਉਹਦੀ ਟੋਪੀ ਵਾਲੀ ਰੋੜੇ ਦੀ ਫੋਟੋ ਪਰਚਾਰਦੇ ਨੇ।ਸ.ਭਗਤ ਸਿੰਘ ਹੋਵੇ ਜਾਂ ਹੋਰ ਕੋਈ ਵੀ ਬੰਦਾ ਹੋਵੇ,ਕਿਸੇ ਵੀ ਵਿਚਾਰਧਾਰਾ ਦਾ ਹੋਵੇ,ਉਹਦੇ ਪੱਗ ਸਜਾਉਣੀ ਉਹਦੀ ਇੱਜਤ ਵਧਾਉਣ ਵਾਲੀ ਗੱਲ ਹੁੰਦੀ ਹੈ ਤੇ ਉਹਦੀ ਪੱਗ ਲਾਹੁਣੀ ਉਹਦੀ ਬੇਇੱਜਤੀ ਕਰਨ ਵਾਲੀ ਗੱਲ ਹੁੰਦੀ ਹੈ।ਸ.ਭਗਤ ਸਿੰਘ ਦੀ ਦਸਤਾਰ ਲਾਹੁਣ ਵਾਲੇ ਲੋਕਾਂ ਨੂੰ ਕੁਝ ਅਕਲ ਕਰਨ ਦੀ ਲੋੜ ਹੈ।ਸ.ਭਗਤ ਸਿੰਘ ਤੇ ਉਹਦਾ ਸਾਰਾ ਪਰਿਵਾਰ ਦਸਤਾਰਾਂ ਸਜਾਉਂਦਾ ਸੀ ਤੇ ਦਾਹੜੇ-ਕੇਸ਼ ਵਿਚ ਸੀ,ਪਰ ਅੱਜ ਜਿਹੜੇ ਘੋਨ-ਮੋਨ ਜਿਹੇ ਬੰਦੇ ਸ.ਭਗਤ ਸਿੰਘ ਦੇ ਵਾਰਿਸ ਬਣਦੇ ਫਿਰਦੇ ਨੇ, ਨਾ ਉਨਾਂ ਦੀ ਅਕਲ ਉਸ ਨਾਲ ਮਿਲਦੀ ਹੈ ਨਾ ਸ਼ਕਲ ਮਿਲਦੀ ਹੈ।ਸਿਖ ਸੰਘਰਸ਼ ਦੌਰਾਨ ਭਾਈ ਹਰਜਿੰਦਰ ਸਿੰਘ ਜਿੰਦੇ,ਭਾਈ ਦਿਲਾਵਰ ਸਿੰਘ ਤੇ ਹੋਰ ਕਈ ਯੋਧਿਆਂ ਨੇ ਸਮੇਂ ਦੀ ਲੋੜ ਅਨੁਸਾਰ ਕੇਸ ਮੁੰਨਾਏ ਸੀ ਪਰ ਅੱਜ ਸਾਨੂੰ ਉਨਾਂ ਦੀਆਂ ਉਹੀ ਫੋਟੋਆਂ ਦੇਖਕੇ ਖੁਸ਼ੀ ਹੁੰਦੀ ਹੈ ਜਿਹੜੀਆਂ ਫੋਟੋਆਂ ਵਿਚ ਉਨਾਂ ਦੇ ਸਿਰ 'ਤੇ ਦਸਤਾਰਾਂ ਹਨ।ਮੇਰਾ ਵਿਚਾਰ ਹੈ ਕਿ ਸ.ਭਗਤ ਸਿੰਘ ਨੇ ਖੁਦ ਵੀ ਆਪਣੀ ਦਸਤਾਰ ਵਾਲੀ ਫੋਟੋ ਨੂੰ ਹੀ ਤਰਜੀਹ ਦੇਣੀ ਸੀ।ਜਿਤੋਂ ਤੱਕ ਸ.ਭਗਤ ਸਿੰਘ ਦੀ ਵਿਚਾਰਧਾਰਾ (ਰੱਬ-ਧਰਮ ਤੇ ਹੋਰ ਗੱਲਾਂ) ਦਾ ਮਸਲਾ ਹੈ ਮੇਰਾ ਵਿਚਾਰ ਹੈ ਕਿ ਅਜੇ ਫਾਂਸੀ ਚੜ੍ਹਨ ਮੌਕੇ ਉਹ ਜਿੰਦਗੀ ਦੇ ਓਸ ਦੌਰ ਵਿਚ ਸੀ ਜਦੋਂ ਵਿਚਾਰਾਂ ਨੇ ਅਜੇ ਹੋਰ ਪਰਪੱਕਤਾ ਲੈਣੀ ਸੀ।ਅਜੇ ਉਹ ਚੜ੍ਹਦੀ ਉਮਰ ਦੇ ਜੋਸ਼ ਤੇ ਗੈਰ-ਸਿਖ ਲੋਕਾਂ ਦੇ ਅਸਰ ਹੇਠ ਵਿਚਰ ਰਿਹਾ ਸੀ।ਕੋਈ ਪਤਾ ਨਹੀ ਕਿ ਜੇ ਉਹਦੀ ਉਮਰ ਹੋਰ ਲੰਮੀ ਹੁੰਦੀ ਤਾਂ ਕਿਸ ਨਿੱਕੀ ਜਿਹੀ ਘਟਨਾ ਨਾਲ ਉਹਦੇ ਅੰਦਰੋਂ ਸਿਖ ਹੋਣ ਦਾ ਅਹਿਸਾਸ ਤੇ ਜਿੰਮੇਵਾਰੀ ਜਾਗ ਪੈਂਦੀ।ਆਪਣੇ ਆਲੇ-ਦੁਆਲੇ ਐਹੋ ਜਿਹੇ ਬੇਅੰਤ ਲੋਕ ਨੇ ਜਿਹੜੇ ਅਕਸਰ ਚਰਚਾ ਕਰਦੇ ਨੇ ਕਿ ਉਹ ਤਾਂ ਕਾਮਰੇਡ,ਨਾਸਤਿਕ,ਪਤਿਤ ਹੋਕੇ ਰੱਬ-ਧਰਮ ਤੋਂ ਕੋਹਾਂ ਦੂਰ ਸੀ ਪਰ ਜਦ ਦਰਬਾਰ ਸਾਹਿਬ ਤੇ ਹਮਲਾ,ਨਵੰਬਰ 1984 ਵਿਚ ਸਿਖਾਂ ਦੇ ਬੇਦਰਦੀ ਨਾਲ ਕਤਲੇਆਮ ਹੋਇਆ ਤਾਂ ਮੈਨੂੰ ਪਤਾ ਈ ਨਹੀ ਲੱਗਾ ਕਿ ਮੈਂ ਕਦੋਂ ਸਿਖ ਬਣ ਗਿਆ।ਹੋਰ ਬਥੇਰੇ ਨੇ ਜਿੰਨਾਂ ਨੇ ਪਹਿਲਾਂ ਕਦੇ ਵੀ ਸਿਖੀ ਤੇ ਸਿਖ ਸਰੋਕਾਰਾਂ ਦੀ ਬਹੁਤੀ ਪਰਵਾਹ ਨਹੀ ਸੀ ਕੀਤੀ ਪਰ ਜਦ ਘੱਲੂਘਾਰੇ ਵਾਪਰੇ ਤਾਂ ਉਹਨਾਂ ਨੇ ਸਿਖ ਸੰਘਰਸ਼ ਵਿਚ ਸਰਗਰਮ ਹੋਕੇ ਚੋਟੀ ਦੀਆਂ ਕਾਰਵਾਈਆਂ ਕੀਤੀਆਂ।ਸਿਖਾਂ ਦੇ ਕਿਸੇ ਵੀ ਮੁੰਡੇ-ਕੁੜੀ ਦਾ ਸਿਖੀ ਸਰੂਪ ਤੋਂ ਤੇ ਸਿਖ ਵਿਚਾਰਧਾਰਾ ਤੋਂ ਦੂਰ ਹੋ ਜਾਣਾ ਤੇ ਫਿਰ ਨੇੜੇ ਆ ਜਾਣਾ ਕੋਈ ਅਲੋਕਾਰੀ ਗੱਲ ਨਹੀ,ਇਹ ਸਭ ਕੁਝ ਸਾਡੇ ਆਲੇ-ਦੁਆਲੇ ਅਕਸਰ ਵਾਪਰਦਾ ਹੈ।ਹੋ ਸਕਦਾ ਹੈ ਕਿ ਜੇ ਮੌਕਾ ਮਿਲਦਾ ਤਾਂ ਸ.ਭਗਤ ਸਿੰਘ ਵੀ ਸਿਖ ਵਿਚਾਰਧਾਰਾ ਵੱਲ ਮੁੜ ਆਉਂਦਾ।ਭਾਈ ਸਾਹਿਬ ਭਾਈ ਰਣਧੀਰ ਸਿੰਘ ਨਾਰੰਗਵਾਲ ਨਾਲ ਹੋਈ ਵਾਰਤਾ ਸਪਸ਼ਟ ਕਰਦੀ ਹੈ ਕਿ ਉਹ ਕਿਥੇ ਕੁ ਖੜ੍ਹਾ ਸੀ।ਕੇਸ਼ ਤਾਂ ਉਸਨੇ ਰੱਖ ਹੀ ਲਏ ਸੀ ਤੇ ਫਾਂਸੀ ਨਾ ਹੁੰਦੀ,ਉਮਰਕੈਦ ਹੋ ਜਾਂਦੀ ਤਾਂ ਕੀ ਪਤਾ ਕਹਾਣੀ ਕੋਈ ਹੋਰ ਹੀ ਮੋੜ ਲੈ ਜਾਦੀ।ਜੇਲਾਂ ਵਿਚ ਅਸੀ ਬਥੇਰੇ ਐਹੋ ਜਿਹੇ ਲੋਕਾਂ ਨੂੰ ਧਰਮੀ-ਕਰਮੀ ਬਣਦਿਆਂ ਵੇਖਿਆ ਹੈ ਜਿਹੜੇ ਪਹਿਲਾਂ ਕਦੇ ਵੀ ਐਹੋ ਜਿਹੀ ਬਿਰਤੀ ਦੇ ਨਹੀ ਸੀ।ਸ.ਭਗਤ ਸਿੰਘ ਵੀ ਇੱਕ ਇਨਸਾਨ ਸੀ ਤੇ ਹੋ ਇਨਸਾਨਾਂ ਵਾਂਗ ਘਟਨਾਵਾਂ ਤੇ ਵਰਤਾਰਿਆ ਦਾ ਅਸਰ ਉਸ ਉਪਰ ਹੋਣਾ ਵੀ ਸੁਭਾਵਿਕ ਹੀ ਹੈ।ਮੇਰੀ ਨਜਰ ਵਿਚ ਸ.ਭਗਤ ਸਿੰਘ ਸਿਖਾਂ ਦਾ ਹੀ ਮੁੰਡਾ

(ਬਾਕੀ ਅਗਲੇ ਪੰਨੇ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV






# ਸ.ਭਗਤ ਸਿੰਘ ਦੇ ਪ੍ਰਸੰਗ ਵਿਚ ਗੜਬੜ ਕਿਥੇ ਹੈ ? -ਸਰਬਜੀਤ ਸਿੰਘ ਘੁਮਾਣ

ਸੀ ਜਿਹੜਾ ਕਿ ਸਿਖੀ ਤੋਂ ਤੇ ਸਿਖ ਸਰੂਪ ਤੋਂ ਬਾਗੀ ਜ਼ਰੂਰ ਹੋਗਿਆ ਸੀ ਪਰ ਉਹ ਪੂਰੀ ਤਰਾਂ ਕਦੇ ਵੀ ਸਿਖ ਵਿਚਾਰਧਾਰਾ ਤੋਂ ਪੂਰੀ ਤਰਾਂ ਮੁਕਤ ਨਹੀ ਸੀ ਹੋ ਸਕਿਆ।ਉਂਝ ਵੀ ਕੋਈ ਸਖਸ ਜਿਸ ਮਿੱਟੀ,ਜਿਸ ਹਵਾ,ਜਿਸ ਮਹੌਲ ਵਿਚ ਜੰਮਿਆ-ਪਲਿਆ ਹੋਵੇ ਉਹਦਾ ਅਸਰ ਅੰਤ ਤੱਕ ਉਹਦੇ ਅੰਦਰੋਂ ਨਹੀ ਜਾਂਦਾ ਹੁੰਦਾ।ਜਿਵੇਂ ਸਿਖਾਂ ਵਿਚੋਂ ਧਰਮ-ਪਰਿਵਰਤਨ ਕਰਕੇ ਈਸਾਈ ਬਨਣ ਵਾਲੇ ਲੋਕ ਸਾਰੀ ਉਮਰ ਸਿਖ ਸੰਸਕਾਰਾਂ ਤੋਂ ਮੁਕਤ ਨਹੀ ਹੋ ਸਕਦੇ ਹੁੰਦੇ।ਸਾਡੇ ਸਾਹਮਣੇ ਹੈ ਕਿ ਹਿੰਦੂਆਂ ਵਿਚੋਂ ਸਿਖ ਸਜਣ ਵਾਲਿਆਂ ਤੋਂ ਹਿੰਦੂ ਸੰਸਕਾਰ ਨਹੀ ਛੱਡੇ ਗਏ ਸੀ ਜਿਸ ਕਰਕੇ ਅੱਜ ਸਿਖ ਸਮਾਜ ਕਈ ਭਰਮਾਂ ਵਿਚ ਫਸ ਗਿਆ ਹੈ।ਇੰਜ ਹੀ ਸ.ਭਗਤ ਸਿੰਘ ਪੂਰੀ ਤਰਾਂ ਸਿਖ ਸੰਸਕਾਰਾਂ ਤੋਂ ਕਦੇ ਵੀ ਮੁਕਤ ਨਹੀ ਸੀ ਹੋ ਸਕਿਆ।ਦਾਹੜੇ-ਕੇਸ-ਦਸਤਾਰ ਦੇ ਨਾਲ ਨਾਲ ਉਹਦੇ ਅੰਦਰ ਕਿਤੇ ਨਾ ਕਿਤੇ ਸਿਖ ਸਮਾਜ ਦਾ ਅਸਰ ਵੀ ਧੜਕਦਾ ਰਹਿੰਦਾ ਸੀ। ਸ.ਭਗਤ ਸਿੰਘ ਦੇ ਬਚਪਨ ਵੇਲੇ ਸਿਖ ਸਮਾਜ ਅੰਦਰ ਆਰੀਆ ਸਮਾਜੀ ਲਹਿਰ ਆਪਣਾ ਰੰਗ ਦਿਖਾ ਰਹੀ ਸੀ ਤੇ ਹੋਰ ਕਈ ਪਰਿਵਾਰਾਂ ਵਾਂਗ ਇਹ ਪਰਿਵਾਰ ਵੀ ਇਸ ਲਹਿਰ ਤੋਂ ਪ੍ਰਭਾਵਿਤ ਸੀ ।ਪਰ ਇਹਦਾ ਮਤਲਬ ਇਹ ਨਹੀ ਕਿ ਇਹ ਪਰਿਵਾਰ ਸਿਖੀ ਦਾ ਦੋਖੀ ਬਣ ਗਿਆ ਸੀ।ਇਹੋ ਜਿਹੇ ਵਰਤਾਰੇ ਆਮ ਵਾਪਰਦੇ ਰਹਿੰਦੇ ਹਨ ਕਿ ਕਿਸੇ ਵਕਤੀ ਲਹਿਰ ਦੇ ਅਸਰ ਹੇਠ ਕੋਈ ਸਿਖ ਪਰਿਵਾਰ ਵਹਿਣ ਵਿਚ ਵਹਿ ਗਿਆ ਤੇ ਫੇਰ ਵਾਪਸ ਮੁੜ ਆਇਆ। ਆਰੀਆਂ ਸਮਾਜੀ ਲਹਿਰ ਨੇ ਇਕ ਵਾਰ ਸਾਰੇ ਸਿਖ ਸਮਾਜ ਨੂੰ ਪ੍ਰਬਾਵਿਤ ਕੀਤਾ ਸੀ ਪਰ ਮਗਰੋਂ ਹਕੀਕਤ ਸਮਝਕੇ ਸਿਖਾਂ ਨੇ ਆਰੀਆ ਸਮਾਜੀ ਲਹਿਰ ਤੋਂ ਦੂਰੀ ਬਣਾ ਲਈ ਸੀ। ਜਦ ਸਿਖਾਂ ਨੂੰ ਸੋਝੀ ਆਈ ਕਿ ਇਹ ਤਾਂ ਸਿਖੀ ਦੇ ਖਿਲਾਫ ਹਨ,ਉਹ ਤੁਰੰਤ ਪਿਛੇ ਪਰਤ ਗਏ ਜਿਵੇਂ ਡੇਰਾ ਸਿਰਸਾ ਦੇ ਬਹੁਤ ਸਾਰੇ ਸਮਰਥਕਾਂ ਨੇ ਮਗਰੋਂ ਉਧਰੋਂ ਨਾਤਾ ਖਤਮ ਕਰਕੇ ਸਿਖ ਵਿਚਾਰਧਾਰਾ ਵਿਚ ਵਿਸਵਾਸ਼ ਪ੍ਰਗਟ ਕੀਤਾ ਸੀ।ਸ.ਭਗਤ ਸਿੰਘ ਦਾ ਓੜਮਾ-ਕੋੜਮਾ-ਰਿਸ਼ਤੇਦਾਰੀਆਂ ਸਿਖੀ ਨਾਲ ਹੀ ਰਹੇ ਹਨ।ਪਰ ਪਤਾ ਨਹੀ ਕਿਥੋਂ ਕੁਝ ਲੋਕ ਆ ਗਏ ਨੇ ਜਿਹੜੇ ਭਰਮ ਫੈਲਾਈ ਜਾਂਦੇ ਨੇ ਕਿ ਸ.ਭਗਤ ਸਿੰਘ ਤਾਂ ਸਿਖੀ ਤੇ ਸਿਖਾਂ ਦੇ ਪੂਰੀ ਤਰਾਂ ਖਿਲਾਫ ਸੀ।ਮੇਰੀ ਨਜਰ ਵਿਚ ਉਹਨੂੰ ਸਿਖੀ ਤੋਂ ਬਾਗੀ ਹੁੰਦਿਆਂ ਹੀ ਫਾਂਸੀ ਦੇ ਦਿਤੀ ਗਈ ਤੇ ਅਜੇ ਉਹਨੇ ਸਿਖ ਵੱਲ ਪਰਤਣਾ ਸੀ।ਮੈਂ ਬੜੀ ਵਾਰ ਸੋਚਦਾ ਹਾਂ ਕਿ ਜਵਾਨੀ ਦੇ ਜੋਸ਼ ਵਿਚ ਸ.ਭਗਤ ਸਿੰਘ ਜਿਵੇਂ ਸੋਚਦਾ ਰਿਹਾ ਜੇ ਉਸਨੂੰ ਫਾਂਸੀ ਨਾ ਹੁੰਦੀ ਤੇ ਉਹ ਲੰਮੀ ਉਮਰ ਭੋਗਦਾ ਤਾਂ ਸਾਇਦ ਵੱਡੀ ਉਮਰ ਵਿਚ ਉਹਦੇ ਵਿਚਾਰ ਬਿਲਕੁਲ ਹੀ ਬਦਲ ਜਾਂਦੇ।ਹੁਣ ਵੀ ਅਸੀਂ ਬਥੇਰੇ ਲੋਕ ਦੇਖਦੇ ਹਾਂ ਜਿਹੜੇ ਚੜ੍ਹਦੀ ਜਵਾਨੀ ਵਿਚ ਤਾਂ ਹਰ ਮੌਕੇ ਰੱਬ,ਧਰਮਤੇ ਧਰਮੀਆਂ ਆਦਿਕ ਨੂੰ ਟਿਚੱਰਾਂ ਕਰਦੇ ਰਹਿਣਗੇ ਪਰ ਵਡੇਰੀ ਉਮਰ ਵਿਚ ਖੁਦ ਬੜੇ ਧਰਮੀ-ਕਰਮੀ ਹੋ ਜਾਂਦੇ ਨੇ।ਦਰਅਸਲ ਹਰ ਇਕ ਦੀ ਇਕ ਉਹ ਉਮਰ ਹੁੰਦੀ ਹੈ ਜਦ ਉਹ ਹਰ ਵਰਤਾਰੇ ਉਤੇ ਸਵਾਲ ਕਰਦਾ ਹੈ।ਜੇ ਤਾਂ ਉਸਨੂੰ ਕੋਈ ਤਸੱਲੀ ਕਰਵਾਉਣ ਵਾਲਾ ਟੱਕਰ ਜਾਵੇ ਤਾਂ ਬੰਦਾ,ਬੰਦਾ ਬਣ ਜਾਂਦਾ ਨਹੀ ਫਿਰ ਸਮੱਸਿਆ ਹੋਰ ਵਧ ਜਾਂਦੀ ਹੈ।ਪਰ ਵਧਦੀ ਉਮਰ ਦੇ ਨਾਲ ਨਾਲ ਬੰਦੇ ਦਾ ਤਜ਼ਰਬਾ ਵਧ ਜਾਂਦਾ ਹੈ,ਬਹੁਤੇ ਸਵਾਲਾਂ ਦੇ ਜਵਾਬ ਮਿਲ ਜਾਂਦੇ ਹਨ ਤੇ ਬੰਦਾ ਤਕਰੀਬਨ ਸੰਤੁਸ਼ਟ ਜਿਹਾ ਹੋ ਜਾਦਾ ਹੈ।ਜਿੰਨਾਂ ਨੂੰ ਕੋਈ ਚੰਗੀ ਸੇਧ ਵਾਲੀ ਸੰਗਤ ਮਿਲ ਜਾਵੇ ਉਹ ਤਾਂ ਕਈ ਵੇਰ ਐਨੇ ਨਿਹਾਲ ਹੋ ਜਾਂਦੇ ਨੇ ਕਿ ਖੁਦ ਹੀ ਆਪਣਾ ਮਜਾਕ ਉੜਾਈ ਜਾਣਗੇ ਕਿ "ਜਦੋਂ ਸਾਨੂੰ ਕਾਮਰੇਡੀ ਚੜ੍ਹੀ ਹੁੰਦੀ ਸੀ,ਬੜਾ ਕਮਲ਼ ਕੁਟਦੇ ਹੁੰਦੇ ਸੀ,ਪਰ ਅਕਲ ਹੁਣ ਆਈ ਆ ਤੇ ਹੁਣ ਉਨਾਂ ਗੱਲਾਂ ਨੂੰ ਚੇਤੇ ਕਰਕੇ ਕਰਕੇ ਸ਼ਰਮਿੰਦੇ ਹੁੰਦੇ ਹਾਂ÷।ਕਈ ਤਾਂ ਐਨੇ ਸਹਿਜ ਅਵਸਥਾ ਵਿਚ ਪੁੱਜ ਜਾਂਦੇ ਨੇ ਕਿ ਜਦ ਉਨਾਂ ਦਾ ਕੋਈ ਵਿਚਾਰਧਾਰਕ-ਸਾਥੀ ਰਿਹਾ ,ਲਕੀਰ ਦਾ ਫਕੀਰ ਬਹਿਸਦਾ ਹੈ ਕਿ "ਤੂੰ ਗਲਤ ਰਾਹ ਪੈ ਗਿਆ,ਕੋਈ ਰੱਬ-ਰੁੱਬ ਨਹੀ ਹੁੰਦਾ,ਇਹ ਧਰਮ ਤਾਂ ਲੋਟੂ ਸਿਸਟਮ ਐ÷ਤਾਂ ਉਹ ਅੱਗੋਂ ਮੁਸਕਰਾਈ ਜਾਣਗੇ ਤੇ ਕਹਿਣਗੇ, "ਕੋਈ ਨਾ,ਵਾਹਿਗੁਰੂ ਤੇਰੇ ਤੇ ਵੀ ਕਿਰਪਾ ਕਰਨਗੇ÷ਉਹ ਐਨੇ ਪਰਪੱਕ ਹੋ ਜਾਂਦੇ ਨੇ ਕਿ ਪੁੱਠੇ ਵਿਚਾਰਾਂ ਨਾਲ ਜਿਦਣਾ-ਬਹਿਸਣਾ ਵੀ ਚੰਗਾ ਨਹੀ ਸਮਝਦੇ ਕਿਉਂਕਿ ਜਾਣਦੇ ਹੁੰਦੇ ਨੇ ਕਿ ਇੰਨਾਂ ਨੂੰ ਕਿਸੇ ਤਰਕ-ਦਲੀਲ ਨਾਲ ਕੋਈ ਨਹੀ ਸਮਝਾ ਸਕਦਾ ਤੇ ਇਹ ਤਾਂ ਅਕਾਲ ਪੁਰਖ ਵਾਹਿਗੁਰੂ ਦੀ ਮੇਹਰ ਨਾਲ ਹੀ ਸਮਝ ਸਕਦੇ ਹਨ। ਕਹਿੰਦੇ ਨੇ ਕਿ ਜੇ ਪੰਦਰਾਂ-ਵੀਹ ਸਾਲ ਦੀ ਉਮਰ ਤੱਕ ਤੁਸੀ ਕਾਮਰੇਡਾਂ ਵਾਂਗ ਸਵਾਲ ਨਹੀ ਪੁੱਛਦੇ ਤਾਂ ਤੁਹਾਡੇ ਦਿਲ ਵਿਲ ਵਿਚ ਗੜਬੜ ਹੈ ਪਰ ਜੇ ਵੱਡੀ ਉਮਰ ਤੱਕ ਤੁਸੀ ਉਹੀ ਸਵਾਲ ਚੁੱਕੀ ਫਿਰਦੇ ਹੋ ਤਾਂ ਤੁਹਾਡੇ ਦਿਮਾਗ ਵਿਚ ਗੜਬੜ ਹੈ। ਸ.ਭਗਤ ਸਿੰਘ ਦੇ ਵਾਰਿਸ ਕਹਾਉਂਦੇ ਲੋਕਾਂ ਦੇ ਦਿਲ ਵਿਚ ਗੜਬੜ ਹੈ ਕਿ ਦਿਮਾਗ ਵਿਚ ਇਹ ਤਾਂ ਸਮਾਂ ਹੀ ਦੱਸੇਗਾ!

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





# ਮੋਦੀ-ਕੇਜਰੀਵਾਲ ਇੱਕ, ਬੱਸ ਡਰਮਾ ਰਚਿਆ ਜਾ ਰਿਹੈ

ਉਹ ਡਰਾਮੇ ਕਰ ਰਹੇ ਹਨ, ਸਾਡੇ ਲੋਕ ਬੈਰੀਕੇਡਾਂ ਨੂੰ ਕੁੱਦ ਰਹੇ ਹਨ ਅਤੇ ਉਨ੍ਹਾਂ ਨੂੰ ਪੈਂਟ-ਪਜਾਮਾ ਪਹਿਨਾ ਰਹੇ ਹਨ। ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਕੇ ਕਲੋਲਾਂ ਦੀ ਲੜਾਈ ਨੂੰ ਕਾਮਯਾਬ ਕਰੀਏ। !!!

ਕੁਝ ਗੱਲਾਂ ਯਾਦ ਰੱਖਿਓ !!

ਰਾਜਨੀਤਿਕ ਖੇਤਰ ਵਿੱਚ ਇੱਕ ਡਰਾਮਾ ਸਾਨੂੰ ਘੇਰਨ ਲਈ ਹੋ ਰਿਹਾ ਹੈ। ਦੇਸ਼ ਨੂੰ ਲੁੱਟਿਆ ਜਾ ਰਿਹਾ ਹੈ।ਮੁੱਖ ਦੋ ਸਿਆਸੀ ਮਾਫੀਆ ਇੱਕ ਕਾਂਗਰਸ ਅਤੇ ਭਾਜਪਾ ਹਨ। ਇਨ੍ਹਾਂ ਦੋਵਾਂ ਦੇ ਪਿੱਛੇ ਦਰਜਨਾਂ ਕਾਰਪੋਰੇਟ ਘਰਾਣਿਆਂ ਦਾ ਹੱਥ ਹੈ, ਜਿਨ੍ਹਾਂ ਦੇ ਹਿੱਤ ਦੇਸ਼ ਅਤੇ ਦੇਸ਼ ਵਾਸੀਆਂ ਨੂੰ ਲੁੱਟਣ ਵਿੱਚ ਜੜ੍ਹੇ ਹੋਏ ਹਨ।

ਕੇਜਰੀਵਾਲ ਦਾ ਪੱਤਾ ਇਸ ਲਈ ਖੇਡਿਆ ਜਾ ਰਿਹਾ ਹੈ ਤਾਂ ਕਿ ਕਾਂਗਰਸ ਤੋਂ ਬਾਅਦ ਭਾਜਪਾ ਦਾ ਧੁਰਾ ਵਰਤਿਆ ਜਾ ਸਕੇ...ਉਨ੍ਹਾਂ ਦੇ ਆਲੇ-ਦੁਆਲੇ ਬੁਣੇ ਜਾ ਰਹੇ ਮਾਮਲੇ 'ਚ ਕੁਝ ਵੀ ਨਹੀਂ ਹੈ, ਜਿਸ ਨੂੰ ਪੀੜਤ ਬਣਾ ਕੇ ਖੜ੍ਹਾ ਕੀਤਾ ਜਾ ਰਿਹਾ ਹੈ...ਜਦੋਂ ਆਮ ਆਦਮੀ ਪਾਰਟੀ ਦੇ ਇਨ੍ਹਾਂ ਸਾਰੇ ਆਗੂਆਂ ਨੂੰ ਰਿਹਾਅ ਕੀਤਾ ਜਾਵੇਗਾ ਤਾਂ ਅਸੀਂ ਮਹਿਸੂਸ ਕਰੋ ਕਿ ਸਾਡਾ ਭਵਿੱਖ ਉਨ੍ਹਾਂ ਦੇ ਹੱਥਾਂ ਵਿੱਚ ਹੈ। ਇਹ ਡਰਾਮੇਬਾਜ਼ੀ ਦੀ ਖੇਡ ਕਦੋਂ ਖਤਮ ਹੋਵੇਗੀ, ਇਹ ਤਾਂ ਪੰਜਾਬ ਹੀ ਕਰੇਗਾ, ਪਤਾ ਨਹੀਂ ਕਦੋਂ !! ਕਿਉਂਕਿ ਇਸ ਵੇਲੇ ਪੰਜਾਬ ਹੀ ਇਨ੍ਹਾਂ ਦੇ ਜਾਲ ਵਿੱਚ ਫਸਿਆ ਹੋਇਆ ਹੈ।ਕੇਂਦਰੀ ਏਜੰਸੀਆਂ ਅਤੇ ਰਾਜਨੀਤਿਕ ਪਾਰਟੀਆਂ ਨੂੰ ਧਰਮ ਅਤੇ ਪੰਜਾਬ ਤੋਂ ਬਾਹਰ ਕਰਕੇ ਸਿਰਫ ਉਹਨਾਂ ਲੋਕਾਂ ਜਾਂ ਪਾਰਟੀਆਂ ਨੂੰ ਕਾਬੂ ਕਰੋ ਜੋ ਧਰਮ ਅਤੇ ਪੰਜਾਬ ਨੂੰ ਤਬਾਹ ਕਰਨ ਜਾ ਰਹੇ ਹਨ। ਸਾਨੂੰ ਇਸ ਬਾਰੇ ਗੰਭੀਰਤਾ ਨਾਲ ਸੋਚਣਾ ਅਤੇ ਕੰਮ ਕਰਨਾ ਚਾਹੀਦਾ ਹੈ। ਪੰਜਾਬ ਦੀ ਲੁੱਟ, ਪੰਜਾਬ ਦੀਆਂ ਆਸਾਂ 'ਤੇ ਡਾਕਾ, ਸੂਬੇ 'ਤੇ ਚੜ੍ਹੇ ਕਰਜ਼ੇ, ਭ੍ਰਿਸ਼ਟਾਚਾਰ ਅਤੇ ਨਸ਼ੇ, ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ, ਪੰਜਾਬੀਆਂ ਅਤੇ ਖਾਸ ਕਰਕੇ ਸਿੱਖਾਂ ਦੇ ਕਤਲੇਆਮ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ 'ਚ ਇਨਸਾਫ਼ ਦੀ ਗੁਹਾਰ॥ .ਬਾਦਲ ਕੇ, ਬੀਜੇਪੀ, ਕਾਂਗਰਸ ਤੇ ਕੇਜਰੀਵਾਲ ਬਾਥਰੂਮ ਵਿੱਚ ਨਹੀਂ, ਚੌਂਕ ਵਿੱਚ ਨੰਗੇ ਹਨ।

ਪੰਜਾਬ ਦੇ ਸਿੱਖਾਂ ਅਤੇ ਆਮ ਪੰਜਾਬੀਆਂ ਦੀ ਹਾਲਤ "ਜੰਞ ਬਗਾਨੀ ਅਹਿਮਕ ਨਾਚੇ" ਵਰਗੀ ਹੈ !!

-ਬਲਵਿੰਦਰ ਸਿੰਘ, ਮੋ. : 8146696144

ਆਵਾਜ਼ਿ ਕੌਮ AWAZE QAUM International Newspaper & WEB TV

## ਵਿਚਾਰ ਆਪੋ-ਆਪਣਾ

**ਕਦੀ ਆਪਾਂ ਸੋਚਿਆ, ਰਾਮਦੇਵ- ਅੰਨਾ ਹਜ਼ਾਰੇ ਸਾਡੇ ਲਈ ਲੜ ਰਹੇ ਨੇ, ਪਰ ਭਾਜਪਾ ਲਈ ਲੜੇ। ਕੈਪਟਨ ਨੇ ਬਾਦਲ ਅੰਦਰ ਕਰਨ ਦਾ ਡਰਾਮਾ ਕੀਤਾ, ਉਹ ਭਾਈਵਾਲ ਨਿਕਲੇ ਜਾਗੋ, ਮੋਦੀ ਤੇ ਕੇਜਰੀਵਾਲ ਇਕ ਹਨ ਬੱਸ ਨਵਾਂ ਲੁਟੇਰਾ (ਮੋਦੀ) ਤਿਆਰ ਹੋ ਰਿਹਾ ਹੈ।**


ੴ ਸ਼੍ਰੀ ਵਾਹਿਗੁਰੂ ਜੀ ਕੀ ਫਤਿਹ
ਸਿੱਖ ਫੁੱਲਵਾੜੀ ਵਿਕਾਸ ਗੁਰਮਤਿ ਕੇਂਦਰ (ਰਜਿ:) ਗੁ: ਰੋੜੀ ਸਾਹਿਬ ਪਿੰਡ ਡਾਲਾ
ਖਾਲਸਾਈ ਖੇਡਾਂ
ਮਿਤੀ 6 ਅਪ੍ਰੈਲ 2024 ਦਿਨ ਸ਼ਨੀਵਾਰ
ਆਵਾਜ਼ਿ ਕੌਮ AWAZE QAUM International Newspaper & WEB TV
ਗੱਤਕਾ ਕੱਪ
ਨਾਟਕ
ਕੋਰੀਉਗ੍ਰਾਫੀ
ਗੱਤਕਾ ਮੁਕਾਬਲੇ
ਆਰੰਭ ਸ਼੍ਰੀ ਆਖੰਡ ਪਾਠ ਸਾਹਿਬ ਮਿਤੀ : 4 ਅਪ੍ਰੈਲ ਦਿਨ ਵੀਰਵਾਰ
ਭੋਗ ਸ਼੍ਰੀ ਆਖੰਡ ਪਾਠ ਸਾਹਿਬ ਮਿਤੀ : 6 ਅਪ੍ਰੈਲ ਦਿਨ ਸ਼ਨੀਵਾਰ
ਗੁ: ਰੋੜੀ ਸਾਹਿਬ, ਪਿੰਡ ਡਾਲਾ (ਮੋਗਾ)
LIVE ON
Nihang TV
ਭੋਗ ਉਪਰੰਤ
ਭਾਈ ਮਨਧੀਰ ਸਿੰਘ ਖਾਲਸਾ
ਸੰਗਤਾ ਨੂੰ ਗੁਰਮਤਿ ਵਿਚਾਰਾਂ ਰਾਂਹੀ
ਨਿਹਾਲ ਕਰਨਗੇ
YouTube Sikh phulwari vikas gurmat kendar dala
Like us Facebook page
ਸਮਾ:- ਗੱਤਕਾ ਸ਼ਾਮ 6ਵਜੇ ਤੋਂ ਦੇਰ ਰਾਤ ਤੱਕ
ਸਪੰਰਕ : 94658-51126, 92172-11786
GURUJI FLEX MOGA
WALLPAPER FLOOR MATT
FLEX, VINYAL, ONEWAY VISION PRINTING 98141-83619




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਲਜੁਗ ਮਹਿ ਕੀਰਤਨੁ ਪਰਧਾਨਾ॥ ਗੁਰਮੁਖਿ ਜਪੀਐ ਲਾਇ ਧਿਆਨਾ॥

ਵਿਸਾਖੀ 1978 ਅਤੇ ਜੂਨ 1984 ਦੇ ਸ਼ਹੀਦਾਂ ਦੀ 40 ਸਾਲਾ ਯਾਦ ਵਿੱਚ ਅਖੰਡ ਕੀਰਤਨੀ ਜਥਾ ਯੂ ਕੇ ਵੱਲੋਂ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਡਰਬੀ ਵਿਖੇ

# ਸਲਾਨਾ ਇੰਟਰਨੈਸ਼ਨਲ ਅਖੰਡ ਕੀਰਤਨ ਸਮਾਗਮ 25 ਮਾਰਚ ਤੋਂ 1 ਅਪ੍ਰੈਲ ਤੱਕ

# ਇੰਟਰਨੈਸ਼ਨਲ ਰੈਣ ਸਬਾਈ ਕੀਰਤਨ

## 30 ਮਾਰਚ ਐਤਵਾਰ ਸ਼ਾਮ 6:00 ਤੋਂ 1 ਅਪ੍ਰੈਲ 5:00 ਵਜੇ ਸਵੇਰ ਤੱਕ

VENUE: GURDWARA SRI GURU SINGH SABHA, PRINCES STREET, DERBY, DE23 8NT. TEL: 01332 773010

ਗੁਰੂ ਪਿਆਰੀ ਸਾਧ ਸੰਗਤ ਜੀਓ,

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥

ਅਖੰਡ ਕੀਰਤਨੀ ਜਥਾ ਯੂ ਕੇ ਵੱਲੋਂ ਖਾਲਸਾ ਪੰਥ ਦੇ ਸਿਰਜਨਾ ਦਿਵਸ ਵਿਸਾਖੀ ਅਤੇ 1978 ਦੇ ਸ਼ਹੀਦਾਂ ਦੀ ਯਾਦ ਵਿੱਚ ਆਯੋਜਿਤ ਕੀਤੇ ਜਾ ਰਹੇ ਸਾਲਾਨਾ ਇੰਟਰਨੈਸ਼ਨਲ ਕੀਰਤਨ ਸਮਾਗਮਾਂ ਵਿਚ ਕੀਰਤਨ ਦੀਆਂ ਹਾਜ਼ਰੀਆਂ ਭਰਨ ਲਈ ਦੇਸ਼ ਵਿਦੇਸ਼ ਤੋਂ ਬਹੁਤ ਸਾਰੇ ਉੱਘੇ ਕੀਰਤਨੀਏ ਪਹੁੰਚ ਰਹੇ ਹਨ। ਸਮੂਹ ਸਾਧ ਸੰਗਤ, ਗੁਰਦੁਆਰਾ ਸਾਹਿਬਾਨ ਦੇ ਸੇਵਾਦਾਰਾਂ ਅਤੇ ਸਮੂਹ ਸਿੱਖ ਸੰਸਥਾਵਾਂ ਦੇ ਸੇਵਾਦਾਰਾਂ ਨੂੰ ਸਮਾਗਮਾਂ ਵਿਚ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਸਿੰਘ ਸਭਾ ਡਰਬੀ ਵਿਖੇ ਪਹੁੰਚ ਕੇ ਹਾਜ਼ਰੀਆਂ ਭਰੋ ਅਤੇ ਗੁਰੂ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

## ਪ੍ਰੋਗਰਾਮ ਦਾ ਵੇਰਵਾ : ਸ੍ਰੀ ਅਖੰਡ ਪਾਠ ਸਾਹਿਬ

ਆਰੰਭ ਸੋਮਵਾਰ 25 ਮਾਰਚ ਸਵੇਰੇ 6:00 ਵਜੇ - ਭੋਗ ਬੁੱਧਵਾਰ 27 ਮਾਰਚ ਸ਼ਾਮ 6:00 ਵਜੇ
ਉਪ੍ਰੰਤ ਦੀਵਾਨ ਸਜੇਗਾ ਅਤੇ ਸ਼ਾਮ 6:00 ਤੋਂ 9:00 ਵਜੇ ਤੱਕ ਅਖੰਡ ਕੀਰਤਨ ਹੋਵੇਗਾ

### ਆਸਾ ਦੀ ਵਾਰ ਕੀਰਤਨ

ਵੀਰਵਾਰ 28 ਮਾਰਚ ਸਵੇਰੇ 6 ਵਜੇ ਆਰੰਭ
ਸ਼ੁੱਕਰਵਾਰ 29 ਮਾਰਚ ਸਵੇਰੇ 6 ਵਜੇ ਆਰੰਭ
ਸ਼ਨੀਵਾਰ 30 ਮਾਰਚ ਸਵੇਰੇ 6 ਵਜੇ ਆਰੰਭ

### ਸ਼ਾਮ ਨੂੰ ਪਾਠ ਰਹਿਰਾਸ ਤੇ ਕੀਰਤਨ

ਵੀਰਵਾਰ 28 ਮਾਰਚ ਸ਼ਾਮ 6:00 ਤੋਂ 9:00
ਸ਼ੁੱਕਰਵਾਰ 29 ਮਾਰਚ ਸ਼ਾਮ 6:00 ਤੋਂ 10:00
ਸ਼ਨੀਵਾਰ 30 ਮਾਰਚ ਸ਼ਾਮ 6:00 ਤੋਂ 12:00

# ਵਿਸ਼ੇਸ਼ ਪੰਥਕ ਗੋਸ਼ਟੀ

## 31 ਮਾਰਚ ਐਤਵਾਰ ਨੂੰ ਸਵੇਰੇ 11 ਤੋਂ 1 ਵਜੇ ਤੱਕ

ਹੇਠਾਂ ਲਿਖੇ ਬੁਲਾਰੇ ਵੱਖ ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਪੇਸ਼ ਕਰਨਗੇ

* ਪ੍ਰੋ: ਦਲਜੀਤ ਸਿੰਘ ਵਿਰਕ - ਅਖੰਡ ਕੀਰਤਨੀ ਜਥੇ ਵੱਲੋਂ ਸਿੱਖੀ ਦੇ ਪ੍ਰਚਾਰ ਲਈ ਯੋਗਦਾਨ
* ਪ੍ਰਿੰਸੀਪਲ ਸੁਜਿੰਦਰ ਸਿੰਘ ਸੰਘਾ - ਸਿੱਖ ਪੰਥ ਦੀ ਮੌਜੂਦਾ ਸਿਆਸੀ ਸਥਿਤੀ ਅਤੇ ਸਿੱਖਾਂ ਦਾ ਪੰਜਾਬ ਵਿੱਚ ਬੋਲਬਾਲਾ ਕਿਵੇਂ ਹੋਵੇ
* ਭਾਈ ਜੋਗਿੰਦਰ ਸਿੰਘ - ਗੁਰੂ ਡੰਮ੍ਹ, ਡੇਰਾਵਾਦ ਅਤੇ ਦੂਜੇ ਧਰਮਾਂ ਦਾ ਵੱਧ ਰਿਹਾ ਪ੍ਰਭਾਵ
* ਭਾਈ ਜੋਗਾ ਸਿੰਘ - 1978 ਅਤੇ ਜੂਨ 1984 ਦੇ ਸਾਕੇ ਅਤੇ ਪਾਕਿਸਤਾਨ ਵਿੱਚ ਗੁਰ ਅਸਥਾਨਾਂ ਦੀ ਹੋ ਰਹੀ ਕਾਰ ਸੇਵਾ ਬਾਰੇ ਚਾਨਣਾ ਪਾਉਣਗੇ
* ਭਾਈ ਬਲਬੀਰ ਸਿੰਘ ਬੈਂਸ - ਬੰਦੀ ਸਿੰਘਾਂ ਤੇ ਅੰਮ੍ਰਿਤਪਾਲ ਸਿੰਘ ਦੇ ਸਾਥੀਆਂ ਦੀ ਰਿਹਾਈ
* ਮਨਪ੍ਰੀਤ ਸਿੰਘ (wsp)- ਖਾਲਸਾ ਹਲੇਮੀ ਰਾਜ ਦੀ ਜ਼ਰੂਰਤ ਤੇ ਸਰੋਕਾਰ (ਕਿਹੋ ਜਿਹਾ ਹੋਏਗਾ)
* ਤੇਜਾ ਸਿੰਘ - ਯੂ ਕੇ 'ਚ ਸਿੱਖ ਸਕੂਲਾਂ ਦਾ ਐਜੂਕੇਸ਼ਨ ਵਿੱਚ ਸਥਾਨ ਤੇ ਪ੍ਰਾਪਤੀਆਂ
* ਗੁਰਮੇਲ ਸਿੰਘ ਕੰਦੋਲਾ (ਸੁਪਰੀਮ ਸਿੱਖ ਕੌਂਸਲ) - ਬਰਤਾਨਵੀ ਸਰਕਾਰ ਵੱਲੋਂ ਅੱਤਵਾਦ ਸਬੰਧੀ ਬਣਾਏ ਗਏ ਨਵੇਂ ਕਾਨੂੰਨਾਂ ਦਾ ਸਿੱਖਾਂ ਉੱਤੇ ਅਸਰ ਹੋ ਸਕਦਾ ਹੈ
* ਰਣਜੀਤ ਸਿੰਘ ਰਾਣਾ - ਖਾਲਸਾ ਸਿਰਜਨਾ ਦੇ ਸੰਦਰਭ ਵਿੱਚ ਮੌਜੂਦਾ ਖਾਲਸਾ ਪੰਥ ਦੀ ਸਥਿਤੀ
* ਦੁਪਿੰਦਰਜੀਤ ਸਿੰਘ - ਖਾਲਸਾ ਹਲੇਮੀ ਰਾਜ ਦੀ ਸਥਾਪਤੀ ਲਈ ਰਣਨੀਤੀ ਕੀ ਹੋਵੇ
* ਡਾ: ਗੁਰਨਾਮ ਸਿੰਘ - ਸਿੱਖ ਮੀਡੀਆ ਦੀਆਂ ਜ਼ਿੰਮੇਵਾਰੀਆਂ ਅਤੇ ਚੁਣੌਤੀਆਂ




## ਅੰਮ੍ਰਿਤ ਸੰਚਾਰ 30 ਮਾਰਚ ਸ਼ਨਿਚਰਵਾਰ ਨੂੰ

30 ਮਾਰਚ 2024 ਦਿਨ ਸ਼ਨਿੱਚਰਵਾਰ ਨੂੰ ਦੁਪਹਿਰ 2:00 ਵਜੇ ਅੰਮ੍ਰਿਤ ਸੰਚਾਰ ਹੋ ਰਹੇ ਹਨ, ਅਭਿਲਾਖੀ ਸੱਜਣ ਤਿਆਰ ਬਰ ਤਿਆਰ ਹੋ, ਕੇਸ ਇਸ਼ਨਾਨ ਕਰ ਸਮੇਂ ਸਿਰ ਪਹੁੰਚਣ ਦੀ ਮਿਹਰਬਾਨੀ ਕਰਨ ਅਤੇ ਪ੍ਰਬੰਧਕਾਂ ਕੋਲ ਆਪਣੇ ਨਾਂ ਲਿਖਵਾ ਦੇਣ।



## ਵਧੇਰੇ ਜਾਣਕਾਰੀ ਲਈ ਸੰਪਰਕ ਕਰੋ ਜੀ

ਹਵਾਈ ਅੱਡੇ / ਟਰੇਨ ਸਟੇਸ਼ਨ ਤੋਂ ਲਿਆਉਣ ਲਈ
ਭਾਈ ਬਲਵੀਰ ਸਿੰਘ - 07908 266984
ਰਿਹਾਇਸ਼ ਦਾ ਪ੍ਰਬੰਧ - 07770 909680 / 07514 505239
ਨੋਟ:- ਆਪਣੇ ਸ਼ਹਿਰਾਂ ਵਿੱਚ ਟਰਾਂਸਪੋਰਟ ਬਾਰੇ ਜਾਣਕਾਰੀ ਲਈ ਅਖੰਡ ਕੀਰਤਨੀ ਜਥੇ ਦੇ ਸਥਾਨਕ ਸੇਵਾਦਾਰਾਂ ਨਾਲ ਸੰਪਰਕ ਕਰੋ ਜੀ

ਵੱਖ ਵੱਖ ਟੀ ਵੀ ਚੈਨਲਾਂ, ਸਿੰਘ ਸਭਾ ਯੂ ਟਿਊਬ ਅਤੇ ਅਖੰਡ ਕੀਰਤਨੀ ਜਥੇ ਦੇ ਇੰਟਰਨੈਟ ਰੇਡੀਓ ਵੱਲੋਂ ਸਮਾਗਮਾਂ ਦੀ ਕਵਰੇਜ ਦਿੱਤੀ ਜਾਵੇਗੀ

ਬੇਨਤੀ ਕਰਤਾ: **ਅਖੰਡ ਕੀਰਤਨੀ ਜਥਾ ਯੂ ਕੇ** — ਜਨਰਲ ਸੈਕਟਰੀ - ਭਾਈ ਦਲਜੀਤ ਸਿੰਘ ਵਿਰਕ

**ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਡਰਬੀ** — ਪ੍ਰਧਾਨ: ਭਾਈ ਰਘਬੀਰ ਸਿੰਘ, ਜ: ਸੈਕਟਰੀ: ਭਾਈ ਰਜਿੰਦਰ ਸਿੰਘ, ਖਜ਼ਾਨਚੀ: ਅਜੀਤ ਸਿੰਘ - 07533 362911

VENUE: GURDWARA SRI GURU SINGH SABHA, PRINCES STREET, DERBY, DE23 8NT. TEL: 01332 773010

# ਜੁਝਾਰੂ ਸਿੰਘਾਂ ਦਾ ਪਿਆਰ ਤੇ ਜਿੰਮੇਵਾਰੀ ਨਿਭਾਉਣਾ

2012 ਵਿੱਚ ਅਸੀਂ ਬਰਨਾਲੇ ਜੇਲ੍ਹ ਵਿੱਚ ਸੀ ਦੀਵਾਲੀ ਤੋਂ ਦੋ ਕੁ ਦਿਨ ਪਹਿਲਾ ਜੇਲ੍ਹ ਵਿੱਚ ਲੜਾਈ ਹੋਣ ਕਰਕੇ ਸਾਡਾ ਨਵੀ ਜੇਲ੍ਹ ਨਾਭਾ ਦਾ ਚਲਾਨ ਪਾ ਦਿੱਤਾ ਗਿਆ ਕਰੀਬ ਚਾਰ ਪੰਜ ਮਹੀਨੇ ਨਵੀ ਜੇਲ੍ਹ ਨਾਭਾ ਰਹਿਣ ਮਗਰੋਂ ਹਾਈ ਕੋਰਟ ਦੇ ਆਰਡਰ ਮੁਤਾਬਿਕ 5 ਤੋਂ ਵੱਧ ਕੇਸਾਂ ਵਾਲੇ ਅਪਰਾਧੀਆਂ ਨੂੰ ਹਾਈ ਰਿਸ੍ਕ ਵਾਰਡਾਂ ਜਾ ਕੇਂਦਰੀ ਜੇਲ੍ਹਾਂ ਦੇ ਹਾਈ ਰਿਸ੍ਕ ਵਾਰਡਾਂ ਵਿੱਚ ਰੱਖਣ ਦਾ ਹੁਕਮ ਆ ਗਏ ਤਾ ਜੇਲ੍ਹ ਦੀ ਸਕਰੀਨਿੰਗ ਹੋਣ ਮਗਰੋਂ 27 ਬੰਦਿਆ ਦੀ ਇੱਕ ਲਿਸਟ ਬਣੀ ਤੇ ਸਾਨੂੰ ਸੱਭ ਨੂੰ ਵੱਖ ਵੱਖ ਜੇਲ੍ਹਾਂ ਵਿੱਚ ਭੇਜ ਦਿੱਤਾ ਗਿਆ

ਅਸੀਂ 6 ਜਣਿਆ ਮੈਨੂੰ, ਲਿਖਾਰੀ ਅੰਮ੍ਰਿਤਸਰ ,ਜਗਦੀਸ ਭੋਲਾ , ਰਾਜੂ ਰਸ਼ੀਨ ਕੁੱਝ ਹੋਰ ਕੈਦੀਆਂ ਨੂੰ ਹਾਈ ਸਕਿਓਰਟੀ ਜੇਲ੍ਹ ਨਾਭਾ ਭੇਜ ਦਿੱਤਾ ਨਾਮ ਨਿਹਾਦ ਜੁਝਾਰੂ ਸਿੰਘ ਭਾਈ ਭਾਈ ਕੁਲਬੀਰ ਸਿੰਘ ਬੜਾਪਿੰਡ, ਬਾਬਾ ਬਖਸੀਸ ਸਿੰਘ, ਬਾਬਾ ਬਲਬੀਰ ਸਿੰਘ ਭੂਤਨਾ, ਭਾਈ ਜੱਸਾ ਸਿੰਘ ਮਾਣਕੀ, ਬਾਬਾ ਦਰਸਨ ਸਿੰਘ ਮਕਾਰੋਪੁਰ ,ਭਾਈ ਹਰਨੇਕ ਸਿੰਘ ਭੱਪ ਵਰਗੇ ਯੋਧਿਆਂ ਨਾਲ ਮਿਲਣ ਦਾ ਸਬੱਬ ਬਣਿਆ ਮੇਰੀ ਬਰਨਾਲਾ ਕੋਰਟ ਪੇਸ਼ੀ ਸੀ

ਮੈਂ ਭਾਈ ਕੁਲਬੀਰ ਸਿੰਘ ਬੜਾਪਿੰਡ ਨਾਲ ਅਹਾਤਾ ਨੰਬਰ ਛੇ ਦੀ ਚੱਕੀ ਨੰਬਰ 2 ਵਿੱਚ ਬੰਦ ਸੀ ਇੱਕ ਦਿਨ ਸਵੇਰੇ ਸਵੇਰੇ ਭਾਈ ਕਸ਼ਮੀਰ ਸਿੰਘ ਗਲਵਟੀ ਨੇ ਚੱਕੀ ਦੇ ਬਾਹਰੋਂ ਆਵਾਜ਼ ਮਾਰੀ "ਠੀਕਰੀਵਾਲ ਵੀਰ ਤੈਨੂੰ ਬਾਬਾ ਬਖਸੀਸ ਸਿੰਘ ਬੁਲਾ ਰਹੇ ਹਨ "

ਇੱਕ ਨੰਬਰ ਚੱਕੀ ਵਿੱਚ ਖਾਲਿਸਤਾਨ ਕਮਾਂਡੋ ਫੋਰਸ ਦੇ ਭਾਈ ਦਿਲਬਾਗ ਸਿੰਘ ਅਤਾਲਾ, 2 ਨੰਬਰ ਚੱਕੀ ਵਿੱਚ ਖਾਲਿਸਤਾਨ ਕਮਾਂਡੋ ਫੋਰਸ ਦੇ ਜਰਨੈਲ ਭਾਈ ਕੁਲਬੀਰ ਸਿੰਘ ਬੜਾਪਿੰਡ,. ਤਿੰਨ ਵਿੱਚ ਖਾਲਿਸਤਾਨ ਲਿਬਰੇਸ਼ਨ ਫੋਰਸ ਦੇ ਆਗੂ ਭਾਈ Jassa Singh Manki , ਚਾਰ ਨੰਬਰ ਵਿੱਚ ਖਾਲਿਸਤਾਨ ਲਿਬਰੇਸ਼ਨ ਫੋਰਸ ਦੇ ਜਰਨੈਲ ਬਾਬਾ ਬਖਸੀਸ ਸਿੰਘ ਭਾਈ ਹਰਜੰਟ ਸਿੰਘ ਬਿਜਲੀਵਾਲ, ਛੇ ਭਾਈ ਗੁਰਜੰਟ ਸਿੰਘ ਯੂ ਪੀ, ਭਾਈ ਮਨਿੰਦਰ ਸਿੰਘ, 7 ਨੰਬਰ ਵਿੱਚ ਬਾਪੂ ਗੁਰਜੰਟ ਸਿੰਘ ਭਾਈ ਸੁਖਵਿੰਦਰ ਸਿੰਘ ਚਨਣ ਵਾਲ, 8 ਵਿੱਚ ਭਾਈ ਹਰਨੇਕ ਸਿੰਘ ਭੱਪ ਭਾਈ ਰਾਣਾ ਪ੍ਰਤਾਪ ਸਿੰਘ ਜੰਮੂ ਰਹਿੰਦੇ ਸਨ ਮੈਂ 2 ਨੰਬਰ ਚੱਕੀ ਚੋਂ ਉੱਠ ਕੇ ਬਾਬਾ ਬਖਸੀਸ ਸਿੰਘ ਵਾਲੀ ਚੱਕੀ ਵਿੱਚ ਚਲਾ ਗਿਆ ਬਾਬਾ ਜੀ ਦੀ ਰੀੜ ਦੀ ਹੱਡੀ ਵਿੱਚ ਦਰਦ ਹੋਣ ਕਰਕੇ ਉਹਨਾਂ ਦੀ ਚੱਕੀ ਵਿੱਚ ਬੈਡ ਲੱਗਾ ਸੀ ਮੈਂ ਓਥੇ ਜਾ ਕੇ ਬੈਠ ਗਿਆ ਬਾਬਾ ਜੀ ਨੇ ਇੱਕ ਬਾਟੀ ਵਿੱਚ ਪੰਜੀਰੀ ਤੇ ਦੁੱਧ ਦਾ ਗਿਲਾਸ ਫੜਾ ਦਿੱਤਾ ਤੇ ਅਸੀਂ ਗੱਲਾਂ ਕਰਨ ਲੱਗੇ ਤੇ ਬਾਬਾ ਜੀ ਨੇ ਐਡੀ ਡਾਸ ਦੇ ਕਾਲੇ ਰੰਗ ਦੇ ਬੂਟ ਤੇ ਹਜਾਰ ਰੁਪਈਆਂ ਫੜਾ ਕੇ ਕਿਹਾ "ਪੁੱਤ ਤੇਰੀ ਪੇਸ਼ੀ ਹੈ ਆਹ ਨਵੇਂ ਬੂਟ ਪਾ ਕੇ ਜਾਇਆ ਕਰਨਾ, ਅਸੀਂ ਖਾੜਕੂ ਹਾਂ ਆਜ਼ਾਦੀ ਦੀ ਲੜਾਈ ਸਟੇਟ ਨਾਲ ਲੜ ਰਹੇ ਹਾਂ ਖਾੜਕੂਆਂ ਦੀ ਟੌਰ ਪੂਰੀ ਚਾਹੀਂਦੀ ਪੇਸ਼ੀ ਤੇ ਬਣ ਠਣ ਕੇ ਜਾਣਾ ਅਸੀਂ ਸਰਕਾਰ ਦੇ ਬਰਾਬਰ ਦੀ ਧਿਰ ਹੈ ਖਾੜਕੂ ਸਿੰਘ ਦੀ ਚੜਤ ਹੋਣੀ ਚਾਹੀਂਦੀ ਸਾਡੀ ਆਪਸ ਵਿੱਚ ਕਿਸੇ ਨਾਲ ਬਣੇ ਜਾ ਣਾ ਬਣੇ ਪਰ ਜਦੋ ਕਿਸੇ ਜੁਝਾਰੂ ਨੂੰ ਲੋੜ ਹੋਵੇ ਤਾ ਡੱਟ ਕੇ ਖੜਨਾ ਹੈ " ਤੇ ਉੱਠ ਕੇ ਬਾਬਾ ਜੀ ਨੇ ਘੁੱਟ ਤੇ ਜੱਫੀ ਪਾ ਕੇ ਮੈਨੂੰ ਪੇਸ਼ੀ ਤੇ ਤੋਰਿਆ ਉਹ ਦਿਨ ਤੇ ਆਹ ਦਿਨ ਫਿਰ ਆਪਾਂ ਪੂਰੀ ਟੌਰ ਨਾਲ ਰਹਿਣਾ ਸ਼ੁਰੂ ਕਰਤਾ ਹੁਣ ਜਦੋ ਵੀ ਮੈਂ ਬੂਟ ਖਰੀਦ ਲੈਣੇ ਹੁੰਦੇ ਤੇ ਬਾਬਾ ਬਖਸੀਸ ਸਿੰਘ ਬੜਾ ਯਾਦ ਆਉਂਦੇ ਹੁਣ ਜਦੋ ਪਾਤਸ਼ਾਹ ਨੇ ਬਾਂਹ ਫੜੀ ਹੈ ਤਾ ਖਾੜਕੂ ਯੋਧਿਆਂ ਨਾਲ ਡੱਟ ਕੇ ਖੜੇ ਹਾਂ

**-ਸੁਰਿੰਦਰ ਸਿੰਘ ਠੀਕਰੀਵਾਲ**





## ਹਜਾਰਾਂ ਸੰਗਤਾਂ ਵਲੋਂ

# ਸੇਜਲ ਅੱਖਾਂ ਨਾਲ ਮਹਾਂਪੁਰਸ਼ਾਂ ਨੂੰ ਅੰਤਿਮ ਵਿਦਾਇਗੀ













ਤਵਾਰੀਖ਼ ਅਨੁਸਾਰ ਸੰਨ੍ਹ 1664 ਵਿਚ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਮਹਾਰਾਜ ਗੁਰਤਾ ਗੱਦੀ ਤੇ ਬਿਰਾਜਮਾਨ ਹੋਣ ਤੋਂ ਬਾਅਦ ਭਾਈ ਮੱਖਣ ਸ਼ਾਹ ਲੁਬਾਣਾ,ਭਾਈ ਗੜ੍ਹੀਆ,ਭਾਈ ਦਵਾਰਕਾ ਦਾਸ ਆਦਿ ਗੁਰਸਿੱਖਾਂ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਰਸ਼ਨਾਂ ਹਿਤ ਪਹੁੰਚੇ ਨੌਵੇਂ ਪਾਤਸ਼ਾਹ ਜੀ ਪਰਿਕਰਮਾ ਕਰਕੇ ਅੰਮ੍ਰਿਤ ਸਰੋਵਰ ਚ ਇਸ਼ਨਾਨ ਹੀ ਕਰ ਰਹੇ ਸਨ ਤਾਂ ਉਸ ਸਮੇਂ ਸ੍ਰੀ ਦਰਬਾਰ ਸਾਹਿਬ ਦੇ ਪੁਜਾਰੀ ਮੀਣੇਂ ਬਾਬਾ ਪ੍ਰਿਥੀ ਦਾ ਪੋਤਾ ਹਰਿ ਜੀ ਸੋਢੀ ਦਰਸ਼ਨੀ ਡਿਊੜੀ ਦੇ ਦਰਵਾਜੇ ਬੰਦ ਕਰਕੇ ਆਪਣੇ ਪਿੰਡ ਹੇਰੀਂ ਚਲਿਆ ਗਿਆ ।



ਸ਼ਮਸ਼ੇਰ ਸਿੰਘ ਜੇਠੂਵਾਲ

ਪਾਤਸ਼ਾਹ ਜੀ ਸਹਿਜ ਚ ਵਿਚਰਦੇ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸੱਜੇ ਹੱਥ ਇਕ ਬੇਰੀ ਦੇ ਦਰਖੱਤ ਹੇਠ "ਗੁਰਦੁਆਰਾ ਥੜ੍ਹਾ ਸਾਹਿਬ" ਕੁਝ ਸਮਾਂ ਭਜਨ ਬੰਦਗੀ ਕਰ ਇਹ ਬਚਨ ਉਚਾਰੇ...

"ਨਹਿ ਮਸੰਦ ਤੁਮ ਅੰਮ੍ਰਿਤਸਰੀਏ ।<br>
ਤ੍ਰਿਸ਼ਨਾਗਨਿ ਤੇ ਅੰਤਰ ਸੜੀਏ ।

ਪਾਤਸ਼ਾਹ ਜੀ ਸਿਰਫ ਦਰਸ਼ਨਾਂ ਲਈ ਆਏ ਸਨ ਪਰ ਪੁਜਾਰੀਆਂ ਨੂੰ ਇਹ ਡਰ ਪੈ ਗਿਆ ਕਿ ਕਿਤੇ ਪੱਕੇ ਏਥੇ ਨਾ ਬੈਠ ਜਾਣ ਜਾਂ ਚੜ੍ਹਾਵਾ ਨਾ ਮੰਗਣ ਪਰ ਮਹਾਰਾਜ ਸਾਹਿਬ ਜੀ ਅੰਮ੍ਰਿਤਸਰ ਤੋਂ ਵਾਪਸੀ ਸਮੇਂ ਵੱਲੇ ਪਿੰਡ ਦੀ ਸੰਗਤ ਦੀ ਸੇਵਾ ਵੇਖ ਮਾਤਾ ਹਰੋ ਜੀ ਦੇ ਘਰ ਠਹਿਰ ਗਏ ਅਗਲੀ ਸਵੇਰ ਅੰਮ੍ਰਿਤਸਰ ਦੀ ਸੰਗਤ ਨੂੰ ਜਦ ਪਤਾ ਲੱਗਾ ਤਾਂ ਪਾਤਸ਼ਾਹ ਦੇ ਦਰਸ਼ਨਾਂ ਨੂੰ ਸ਼ਹਿਰ ਦੀ ਸੰਗਤ ਵਹੀਰਾਂ ਘੱਤ ਕੇ ਪਹੁੰਚਣ ਲੱਗੀ ਸੰਗਤਾਂ ਨੇ ਲਾਹਨਤੀ ਪੁਜਾਰੀਆਂ ਵਲੋਂ ਕੀਤੇ ਵਿਹਾਰ ਕਰਕੇ ਆਪ ਮੁਆਫੀਆਂ ਮੰਗੀਆਂ ਪਾਤਸ਼ਾਹ ਜੀ ਨੇ ਵੱਲੇ ਪਿੰਡ ਨੂੰ ਵਰ ਦਿੱਤਾ ।

" ਵੱਲਾ ਗੁਰੂ ਕਾ ਗੱਲਾ ।<br>
ਮਾਈਆਂ ਰੱਬ ਰਜਾਈਆਂ,<br>
ਭਗਤੀ ਲਾਈਆਂ ।

ਪਾਤਸ਼ਾਹ ਜੀ ਸਤਾਰਾਂ ਦਿਨ ਇਸ ਪਿੰਡ ਵਿੱਚ ਠਹਿਰੇ ਜਿਸ ਤੋਂ ਬਾਅਦ ਨਗਰ ਚੱਕ ਪਹੁੰਚੇ ਜਿਥੇ ਮਾਈਆਂ ਨੇ ਸਤਿਗੁਰੂ ਜੀ ਨੂੰ ਦੁੱਧ ਮੱਖਣ ਆਦਿ ਛਕਾਇਆ ਸਤਿਗੁਰੂ ਜੀ ਨੇ ਵਰ ਦਿੱਤਾ ਕਿ ਅੱਜ ਤੋਂ ਬਾਅਦ ਇਸ ਪਿੰਡ ਦਾ ਨਾਮ ਮੱਖਣਵੰਡ ਹੋਵੇਗਾ ਜੋ ਮੱਖਣਵਿੰਡੀ ਕਰਕੇ ਪ੍ਰਸਿੱਧ ਹੋਇਆ ।

ਜਿਥੇ ਅੱਧੀ ਸਦੀ ਪਹਿਲਾਂ ਸੰਤ ਬਾਬਾ ਅਜੈਬ ਸਿੰਘ ਜੀ ਵਲੋਂ ਪਾਤਸ਼ਾਹ ਜੀ ਦੇ ਪਾਵਨ ਚਰਨਛੋਹ ਪ੍ਰਾਪਤ ਅਸਥਾਨ ਗੁਰਦੁਆਰਾ ਗੁਰੂ ਤੇਗ ਬਹਾਦਰ ਜੀ ਵਿਖੇ ਸੇਵਾ ਆਰੰਭੀ ਜੋ ਪੰਜਾਹ ਸਾਲ ਨਿਰੰਤਰ ਜਾਰੀ ਰਹੀ।

ਪੰਜਾਬ ਤੋਂ ਲੈ ਕੇ ਯੂ.ਪੀ ਤੱਕ ਸਤਿਗੁਰੂ ਜੀ ਦੇ ਪਾਵਨ ਅਸਥਾਨਾਂ ਦੀ ਕਾਰਸੇਵਾ ਕਰਵਾਉਣ ਵਾਲੇ ਮਹਾਂਪੁਰਸ਼ਾਂ ਦੇ ਅੰਦਰ ਦਾ ਖੇੜਾ ਸਹਿਜ ਅਨੰਦ ਸਦਾ ਨਾਮਰਸ ਭਰਪੂਰ ਰਿਹਾ ।

ਉਦਮੀ ਮਹਾਂਪੁਰਸ਼ਾਂ ਦੀ ਨਾਮਬਾਣੀ ਦੀ ਕਮਾਈ ਨੇ ਹਜਾਰਾਂ ਸੰਗਤਾਂ ਨੂੰ ਗੁਰੂਘਰ ਅਤੇ ਸੇਵਾ ਸਿਮਰਨ ਨਾਲ ਜੋੜਿਆ ਜਿੰਨਾ ਚੋਂ ਬੇਅੰਤ ਸੰਗਤਾਂ ਖੰਡੇ ਬਾਟੇ ਦੀ ਪਾਹੁਲ ਛਕ ਸਤਿਗੁਰੂ ਜੀ ਦੇ ਲੜ੍ਹ ਲੱਗੀਆਂ ,ਖਾੜਕੂਵਾਦ ਦੇ ਚੜ੍ਹਾਅ ਤੋਂ ਉਤਰਾਅ ਤੱਕ ਡੇਢ ਦਹਾਕਾ ਮਹਾਂਪੁਰਸ਼ਾਂ ਦੇ ਅਸਥਾਨ ਬਾਗ਼ੀ ਸਿੰਘਾਂ ਦੀਆਂ ਠਾਹਰਾਂ ਹੁੰਦੇ ਸਨ।

ਖਾਲਸੇ ਦੀ ਜਨਮਭੋਇ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲੇ ਮਹੱਲੇ ਦੇ ਲੰਗਰਾਂ ਦੇ ਪ੍ਰਬੰਧ ਵਿਚ ਰੁੱਝੇ ਮਹਾਂਪੁਰਸ਼ਾਂ ਦਾ ਅਕਾਲ ਚਲਾਣਾ ਜਿਥੇ ਖਾਲਸਾ ਪੰਥ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ,ਉਥੇ ਇਲਾਕੇ ਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਲਈ ਸਦਮੇ ਦੀ ਨਿਯਾਈ ਸਾਬਤ ਹੋਇਆ ਹਜਾਰਾਂ ਸੇਜਲ ਅੱਖਾਂ ਨਾਲ ਮਹਾਂਪੁਰਸ਼ਾਂ ਦਾ ਸੰਸਕਾਰ ਪੰਥ ਦੀਆਂ ਪ੍ਰਮੁੱਖ ਸੰਪ੍ਰਦਾਵਾਂ ਦੇ ਮਹਾਂਪੁਰਸ਼ਾਂ ਵਲੋਂ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਮੱਖਣਵਿੰਡੀ ਵਿਖੇ ਕਰ ਦਿੱਤਾ ਗਿਆ ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਤੋਂ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ,ਕਾਰਸੇਵਾ ਵਾਲੇ ਮਹਾਂਪੁਰਸ਼ ਬਾਬਾ ਸਰਦਾਰਾ ਸਿੰਘ,ਬਾਬਾ ਸਤਨਾਮ ਸਿੰਘ ਗੁਰੂ ਕਾ ਬਾਗ਼,ਬਾਬਾ ਬੋਹੜ ਸਿੰਘ ਗੁਰੂ ਕਾ ਬਾਗ਼,ਬਾਬਾ ਸ਼ਿੰਦਰ ਸਿੰਘ ਸਰਹਾਲੀ, ਬਾਬਾ ਜੋਗਿੰਦਰ ਸਿੰਘ ਲੋਪੋਕੇ, ਬਾਬਾ ਮੰਗਾ ਸਿੰਘ ਹਜੂਰ ਸਾਹਿਬ,ਬਾਬਾ ਸੱਜਣ ਸਿੰਘ ਗੁਰੂ ਕੀ ਬੇਰ,ਬਾਬਾ ਕ੍ਰਿਪਾਲ ਸਿੰਘ ਗੁਰੂ ਕਾ ਬਾਗ਼,ਬਾਬਾ ਕੁਲਬੀਰ ਸਿੰਘ ਗੁਰੂ ਕਾ ਬਾਗ਼,ਬਾਬਾ ਹਰਭਜਨ ਸਿੰਘ ਕੁੱਲੀ ਵਾਲੇ, ਬਾਬਾ ਜੋਗਾ ਸਿੰਘ, ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਭਿੰਡਰਾਂਵਾਲੇ ਮਹਾਂਪੁਰਸ਼ਾਂ ਵਲੋਂ ਜਥੇਦਾਰ ਅਜੀਤ ਸਿੰਘ,ਭਾਈ ਸ਼ਮਸ਼ੇਰ ਸਿੰਘ ਜੇਠੂਵਾਲ ਜਥੇ ਦੇ ਸਿੰਘਾਂ ਨੇ ਹਾਜਰੀ ਭਰੀ,ਜੋਧ ਸਿੰਘ ਸਮਰਾ,ਸਰਦਾਰ ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਕਮੇਟੀ, ਸਰਦਾਰ ਪ੍ਰਗਟ ਸਿੰਘ ਚੋਗਾਵਾਂ,ਜਥੇਦਾਰ ਬਲਵਿੰਦਰ ਸਿੰਘ ਜੋਧਪੁਰੀ,ਗਿਆਨੀ ਭੁਪਿੰਦਰ ਸਿੰਘ ਗਦਲੀ,ਗਿਆਨੀ ਸੁੱਚਾ ਸਿੰਘ,ਜਤਿੰਦਰ ਸਿੰਘ,ਅੰਗਰੇਜ਼ ਸਿੰਘ ਬਾਬਾ ਬਕਾਲਾ,ਕੁਲਦੀਪ ਸਿੰਘ ਮਿਸਲ ਸ਼ਹੀਦਾਂ, ਜਥੇਦਾਰ ਸੰਤੋਖ ਸਿੰਘ,ਸਰਪੰਚ ਜਸਵੰਤ ਸਿੰਘ ਆਦਿ ਹਾਜਰ ਸਨ। ••

# ਸਾਵਧਾਨ !ਪੈਣ ਵਾਲੀ ਹੈ ਖ਼ਤਰਨਾਕ ਗਰਮੀ, ਪੰਜ ਦਿਨਾਂ ਤੱਕ ਹੀਟਵੇਵ ਦੀ ਚੇਤਾਵਨੀ



**ਨਵੀਂ ਦਿੱਲੀ**, 23 ਮਾਰਚ (**ਆਵਾਜ਼ਿ ਕੌਮ ਬਿਊਰੋ**)-ਉੱਤਰੀ ਭਾਰਤ ਦੇ ਰਾਜਾਂ ਵਿੱਚ ਗਰਮੀਆਂ ਸ਼ੁਰੂ ਹੋ ਗਈਆਂ ਹਨ। ਤਾਪਮਾਨ ’ਚ ਲਗਾਤਾਰ ਵਾਧਾ ਦਰਜ ਕੀਤਾ ਜਾ ਰਿਹਾ ਹੈ। ਇਸ ਦੌਰਾਨ ਮੌਸਮ ਵਿਭਾਗ ਨੇ ਚੇਤਾਵਨੀ ਦਿੱਤੀ ਹੈ ਕਿ ਉੱਤਰ ਪੱਛਮੀ ਭਾਰਤ ਵਿੱਚ ਵੱਧ ਤੋਂ ਵੱਧ ਤਾਪਮਾਨ ਦੋ ਤੋਂ ਤਿੰਨ ਡਿਗਰੀ ਸੈਲਸੀਅਸ ਵਧੇਗਾ। ਇਹ ਅਗਲੇ ਚਾਰ-ਪੰਜ ਦਿਨਾਂ ਵਿੱਚ ਹੋ ਜਾਵੇਗਾ। ਇਸ ਦਾ ਮਤਲਬ ਹੈ ਕਿ ਗਰਮੀ ਹੋਰ ਵਧਣ ਵਾਲੀ ਹੈ। ਗੁਜਰਾਤ ਦੇ ਸੌਰਾਸ਼ਟਰ ਅਤੇ ਕੱਛ ਦੇ ਖੇਤਰਾਂ ਵਿੱਚ ਭਿਆਨਕ ਗਰਮੀ ਪੈ ਰਹੀ ਹੈ ਅਤੇ ਅਗਲੇ ਪੰਜ ਦਿਨਾਂ ਤੱਕ ਹੀਟਵੇਵ ਜਾਰੀ ਰਹਿਣ ਵਾਲੀ ਹੈ। ਮੌਸਮ ਵਿਭਾਗ ਅਨੁਸਾਰ ਝਾਰਖੰਡ, ਗੰਗਾ ਪੱਛਮੀ ਬੰਗਾਲ, ਬਿਹਾਰ ਵਿੱਚ ਵੱਧ ਤੋਂ ਵੱਧ ਤਾਪਮਾਨ ਔਸਤ ਤੋਂ ਤਿੰਨ ਤੋਂ ਪੰਜ ਡਿਗਰੀ ਘੱਟ ਹੈ। ਦੂਜੇ ਪਾਸੇ ਪੱਛਮੀ ਉੱਤਰ ਪ੍ਰਦੇਸ਼, ਛੱਤੀਸਗੜ੍ਹ, ਉੜੀਸਾ, ਅਰੁਣਾਚਲ ਪ੍ਰਦੇਸ਼, ਅਸਾਮ, ਮੇਘਾਲਿਆ, ਨਾਗਾਲੈਂਡ, ਮਿਜ਼ੋਰਮ, ਤ੍ਰਿਪੁਰਾ, ਮਨੀਪੁਰ ਵਿੱਚ ਇਹ ਔਸਤ ਨਾਲੋਂ ਇੱਕ ਤੋਂ ਤਿੰਨ ਡਿਗਰੀ ਘੱਟ ਹੈ। ਜੰਮੂ-ਕਸ਼ਮੀਰ, ਲੱਦਾਖ, ਹਿਮਾਚਲ ਪ੍ਰਦੇਸ਼, ਪੰਜਾਬ, ਰਾਜਸਥਾਨ, ਗੁਜਰਾਤ, ਮੱਧ ਮਹਾਰਾਸ਼ਟਰ, ਕੋਂਕਣ, ਗੋਆ ਵਿੱਚ ਵੱਧ ਤੋਂ ਵੱਧ ਤਾਪਮਾਨ ਔਸਤ ਨਾਲੋਂ ਦੋ ਤੋਂ ਚਾਰ ਡਿਗਰੀ ਸੈਲਸੀਅਸ ਵੱਧ ਰਿਹਾ। ਉੱਤਰ-ਪੂਰਬੀ ਭਾਰਤ ਵਿੱਚ ਅਗਲੇ ਪੰਜ ਦਿਨਾਂ ਦੌਰਾਨ ਵੱਧ ਤੋਂ ਵੱਧ ਤਾਪਮਾਨ ਵਿੱਚ ਤਿੰਨ ਤੋਂ ਪੰਜ ਡਿਗਰੀ ਸੈਲਸੀਅਸ ਦਾ ਵਾਧਾ ਹੋਵੇਗਾ। ਮੱਧ ਭਾਰਤ ਵਿੱਚ ਵੀ ਗਰਮੀ ਵਧਣ ਵਾਲੀ ਹੈ ਅਤੇ ਦੋ-ਤਿੰਨ ਦਿਨਾਂ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ ਤਿੰਨ ਡਿਗਰੀ ਸੈਲਸੀਅਸ ਦਾ ਵਾਧਾ ਹੋਣ ਦੀ ਸੰਭਾਵਨਾ ਹੈ। ਰਾਇਲਸੀਮਾ, ਕੇਰਲ, ਮਾਹੇ ਵਿੱਚ 23-27 ਨੂੰ ਅਤੇ ਤਾਮਿਲਨਾਡੂ, ਪੁਡੂਚੇਰੀ, ਕਰਾਈਕਲ ਵਿੱਚ 23 ਅਤੇ 24 ਨੂੰ ਅਤੇ ਕੋਂਕਣ ਵਿੱਚ 26 ਅਤੇ 27 ਮਾਰਚ ਨੂੰ ਗਰਮ ਅਤੇ ਨਮੀ ਵਾਲਾ ਮੌਸਮ ਰਹਿਣ ਵਾਲਾ ਹੈ। ਗੁਜਰਾਤ ਦੇ ਸੌਰਾਸ਼ਟਰ ਅਤੇ ਕੱਛ ਵਰਗੇ ਖੇਤਰਾਂ ਵਿੱਚ 23 ਤੋਂ 27 ਮਾਰਚ ਤੱਕ ਹੀਟਵੇਵ ਦੇ ਹਾਲਾਤ ਬਣਨ ਜਾ ਰਹੇ ਹਨ। ਇਸ ਦੇ ਨਾਲ ਹੀ ਰਾਸ਼ਟਰੀ ਰਾਜਧਾਨੀ ’ਚ ਸ਼ਨੀਵਾਰ ਨੂੰ ਘੱਟੋ-ਘੱਟ ਤਾਪਮਾਨ 16.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਸੀਜ਼ਨ ਦੇ ਔਸਤ ਤਾਪਮਾਨ ਤੋਂ ਇਕ ਡਿਗਰੀ ਘੱਟ ਹੈ। ਭਾਰਤੀ ਮੌਸਮ ਵਿਭਾਗ ਨੇ ਇਹ ਜਾਣਕਾਰੀ ਦਿੱਤੀ। ਸਵੇਰੇ 8:30 ਵਜੇ ਨਮੀ 77 ਫੀਸਦੀ ਰਹੀ। ਵਿਭਾਗ ਨੇ ਦਿਨ ਵੇਲੇ ਤੇਜ਼ ਹਵਾਵਾਂ ਚੱਲਣ ਦੀ ਭਵਿੱਖਬਾਣੀ ਕੀਤੀ ਹੈ ਜਦਕਿ ਵੱਧ ਤੋਂ ਵੱਧ ਤਾਪਮਾਨ 34 ਡਿਗਰੀ ਸੈਲਸੀਅਸ ਦੇ ਆਸ-ਪਾਸ ਰਹਿਣ ਦੀ ਸੰਭਾਵਨਾ ਹੈ।

# ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਵਾਲੇ ਸ਼ਰਧਾਲੂਆਂ ਲਈ ਹੁਣ ਨਹੀਂ ਲੱਗੇਗੀ ਐਂਟਰੀ ਫ਼ੀਸ



ਅੰਮ੍ਰਿਤਸਰ/ਪਾਕਿਸਤਾਨ- ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਵਾਲੇ ਸ਼ਰਧਾਲੂਆਂ ਲਈ ਅਹਿਮ ਖ਼ਬਰ ਸਾਹਮਣੇ ਆਈ ਹੈ। ਦਰਅਸਲ ਪਾਕਿਸਤਾਨ ਸਰਕਾਰ ਇਤਿਹਾਸਕ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਹੁਣ ਭਾਰਤੀ ਸ਼ਰਧਾਲੂਆਂ ਤੋਂ ਪੰਜ ਡਾਲਰ (ਭਾਰਤੀ ਕਰੰਸੀ 417.71 ਰੁਪਏ) ਐਂਟਰੀ ਫ਼ੀਸ ਨਹੀਂ ਲਵੇਗੀ ਪਰ ਕਰਤਾਰਪੁਰ ਪ੍ਰਾਜੈਕਟ ਮੈਨੇਜਮੈਂਟ ਯੂਨਿਟ ਵੱਲੋਂ ਭਾਰਤੀ ਸ਼ਰਧਾਲੂਆਂ ਤੋਂ 20 ਡਾਲਰ (ਭਾਰਤੀ ਕਰੰਸੀ 1670.85 ਰੁਪਏ) ਯਾਤਰਾ ਖ਼ਰਚ ਵਸੂਲਿਆ ਜਾਵੇਗਾ। ਇਸ ਦੇ ਨਾਲ ਹੀ ਗੁਰਦੁਆਰਿਆਂ ਦੇ ਰੱਖ-ਰਖਾਅ ਲਈ ਰਾਸ਼ਟਰੀ ਸਲਾਹਕਾਰ ਕਮੇਟੀ ਦੇ ਗਠਨ ਦਾ ਵੀ ਐਲਾਨ ਕੀਤਾ ਹੈ। ਇਹ ਜਾਣਕਾਰੀ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਪਾਕਿਸਤਾਨੀ ਪੰਜਾਬ ਸੂਬੇ ਦੇ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਰਮੇਸ਼ ਸਿੰਘ ਅਰੋੜਾ ਵੱਲੋਂ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਤਿੰਨ ਦਿਨ ਪਹਿਲਾਂ ਹੋਈ ਬੈਠਕ ’ਚ ਵਿਦੇਸ਼ੀ ਸਿੱਖ ਭਾਈਚਾਰੇ ਨੂੰ ਪਾਕਿਸਤਾਨ ਸਥਿਤ ਗੁਰਦੁਆਰਾ ਸਾਹਿਬਾਨ ਦੇ ਨਵਨਿਰਮਾਣ ਦੇ ਕੰਮਾਂ ਲਈ ਯੋਗਦਾਨ ਦੇਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਹਿਲਾਂ ਵੱਖ-ਵੱਖ ਦੇਸ਼ਾਂ ਤੋਂ ਪਾਕਿਸਤਾਨ ਦੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਜਾਣ ਵਾਲੇ ਹਰ ਯਾਤਰੀ ਤੋਂ ਪੰਜ ਡਾਲਰ ਦਾਖ਼ਲਾ ਫ਼ੀਸ ਲਈ ਜਾਂਦੀ ਸੀ। ਸੰਗਤ ਨੇ ਇਸ ਨੂੰ ਬੰਦ ਕਰਨ ਦੀ ਪਾਕਿਸਤਾਨ ਸਰਕਾਰ ਅੱਗੇ ਮੰਗ ਚੁੱਕੀ ਸੀ। ਅਰੋੜਾ ਨੇ ਦੱਸਿਆ ਕਿ ਵਿਸਾਖੀ ਮੌਕੇ ਪਾਕਿਸਤਾਨ ਸਥਿਤ ਗੁਰਦੁਆਰਿਆਂ ਦੇ ਦਰਸ਼ਨਾਂ ਲਈ ਜਾਣ ਵਾਲੇ ਭਾਰਤੀ ਯਾਤਰੀਆਂ ਨੂੰ ਬੱਸਾਂ ਦੀ ਬਜਾਏ ਵਿਸ਼ੇਸ਼ ਟਰੇਨ ਰਾਹੀਂ ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਵਾਏ ਜਾਣਗੇ। ਦੇਸ਼ ਦੀ ਵੰਡ ਤੋਂ ਬਾਅਦ ਪਹਿਲੀ ਵਾਰ ਸੰਗਤ ਵਿਸ਼ੇਸ਼ ਟਰੇਨ ਰਾਹੀਂ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰੇਗੀ। 13 ਅਪ੍ਰੈਲ ਨੂੰ ਅਟਾਰੀ ਸੜਕ ਮਾਰਗ ਰਾਹੀਂ ਵਾਹਗਾ ਸਰਹੱਦ ’ਤੇ ਪੁੱਜਣ ਵਾਲੇ ਜੱਥੇ ਨੂੰ ਬੱਸਾਂ ਦੀ ਬਜਾਏ ਵਿਸ਼ੇਸ਼ ਟਰੇਨ ਰਾਹੀਂ ਗੁਰਦੁਆਰਾ ਪੰਜਾ ਸਾਹਿਬ (ਹਸਨ ਅਬਦਾਲ) ਦੀ ਯਾਤਰਾ ਕਰਵਾਈ ਜਾਵੇਗੀ। ਨਵੇਂ ਨਿਯਮਾਂ ਮੁਤਾਬਕ, ਗੁਰਦੁਆਰਿਆਂ ’ਚ ਠਹਿਰਣ ਲਈ ਸਭ ਤੋਂ ਪਹਿਲਾਂ ਵਿਦੇਸ਼ ਤੋਂ ਆਏ ਯਾਤਰੀਆਂ ਨੂੰ ਕਮਰੇ ਅਲਾਟ ਕੀਤੇ ਜਾਣਗੇ। ਇਸ ਤੋਂ ਬਾਅਦ ਹੀ ਪਾਕਿਸਤਾਨ ਦੀ ਸੰਗਤ ਨੂੰ ਕਮਰੇ ਮੁਹੱਈਆ ਕਰਵਾਏ ਜਾਣਗੇ।

## ਸਾਡੇ ਸ਼ਹੀਦਾਂ ਨੇ ਗੁਰੂ ਗ੍ਰੰਥ, ਗੁਰੂ ਪੰਥ, ਦੇਸ ਪੰਜਾਬ, ਫ਼ਸਲਾਂ, ਨਸਲਾਂ ਤੇ ਪਾਣੀਆਂ ਦੀ ਰਾਖੀ ਲਈ

# ਲਹੂ ਡੋਲ੍ਹਵਾਂ ਸੰਘਰਸ਼ ਕੀਤਾ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ

## ਸ਼ਹੀਦ ਭਾਈ ਰਸਾਲ ਸਿੰਘ ਆਰ.ਫਕੇ ਦਾ 40ਵਾਂ ਸ਼ਹੀਦੀ ਸਮਾਗਮ ਕਰਵਾਇਆ







**ਅੰਮ੍ਰਿਤਸਰ**, 23 ਮਾਰਚ (**ਆਵਾਜ਼ਿ ਕੌਮ ਬਿਊਰੋ**)-ਜੂਨ 1984 ਦੇ ਘੱਲੂਘਾਰੇ ’ਚ ਸ਼ਹਾਦਤ ਦਾ ਜਾਮ ਪੀਣ ਵਾਲੇ ਦਮਦਮੀ ਟਕਸਾਲ ਦੇ ਜੁਝਾਰੂ ਯੋਧੇ ਅਮਰ ਸ਼ਹੀਦ ਭਾਈ ਰਸਾਲ ਸਿੰਘ ਆਰ.ਫਕੇ ਦੀ ਯਾਦ ’ਚ ਮਹਾਨ ਸ਼ਹੀਦੀ ਸਮਾਗਮ ਉਹਨਾਂ ਦੇ ਗ੍ਰਹਿ ਪਿੰਡ ਆਰ.ਫਕੇ, ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਖ਼ਾਲਸਾਈ ਜਾਹੋ-ਜਲਾਲ ਨਾਲ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਖੁੱਲ੍ਹੇ ਪੰਡਾਲ ’ਚ ਦੀਵਾਨ ਸਜਾਏ ਗਏ ਜਿਸ ਵਿਚ ਰਾਗੀ, ਢਾਡੀ, ਕਵੀਸ਼ਰ, ਕਥਾਵਾਚਕ ਤੇ ਪ੍ਰਚਾਰਕ ਜੱਥਿਆਂ ਤੋਂ ਇਲਾਵਾ ਸਿੱਖ ਕੌਮ ਦੇ ਮਹਾਂਪੁਰਸ਼ਾਂ, ਧਾਰਮਿਕ ਅਤੇ ਪੰਥਕ ਜਥੇਬੰਦੀਆਂ ਦੇ ਆਗੂ ਸਾਹਿਬਾਨਾਂ ਨੇ ਹਾਜ਼ਰੀ ਭਰੀ। ਇਸ ਮੌਕੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖ਼ਾਲਸਾ ਦਮਦਮੀ ਟਕਸਾਲ ਬੁੱਕਣ ਖ਼ਾਂ ਵਾਲੇ, ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਸ਼੍ਰੋਮਣੀ ਅਕਾਲੀ ਦਲ ਫ਼ਤਹਿ ਦੇ ਪ੍ਰਧਾਨ ਭਾਈ ਜਸਕਰਨ ਸਿੰਘ ਕਾਹਨਸਿੰਘਵਾਲਾ, ਸੰਤ ਸ਼ਿੰਦਰ ਸਿੰਘ ਫ਼ਤਹਿਗੜ੍ਹ ਸਭਰਾਵਾਂ ਵਾਲੇ, ਬਾਬਾ ਨਿਹਾਲ ਸਿੰਘ ਦਲ ਪੰਥ ਬਾਬਾ ਬਿਧੀ ਚੰਦ, ਬਾਬਾ ਸੱਜਣ ਸਿੰਘ ਸਲਾਹਕਾਰ ਇੰਟਰਨੈਸ਼ਨਲ ਪੰਥਕ ਦਲ, ਬਾਬਾ ਜਸਵੰਤ ਸਿੰਘ ਸੋਢੀ ਆਸਲ ਉਤਾੜ, ਭਾਈ ਲਖਬੀਰ ਸਿੰਘ ਮਹਾਲਮ ਸੇਵਾਦਾਰ ਸਤਿਕਾਰ ਕਮੇਟੀ, ਭਾਈ ਗੁਰਚਰਨ ਸਿੰਘ ਭੁੱਲਰ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਭਾਈ ਨਿਰਮਲ ਸਿੰਘ (ਸਪੁੱਤਰ ਸ਼ਹੀਦ ਰਸਾਲ ਸਿੰਘ ਆਰ.ਫਕੇ), ਬਾਬਾ ਸੁਖਮੰਦਰ ਸਿੰਘ ਪੱਧਰੀ ਕਾਰ ਸੇਵਾ ਵਾਲੇ, ਢਾਡੀ ਜਥਾ ਭਾਈ ਜਤਿੰਦਰ ਸਿੰਘ ਤਰਨਾ ਦਲ, ਕਵੀਸ਼ਰ ਭਾਈ ਗੁਰਜੰਟ ਸਿੰਘ ਬੈਕਾਂ, ਭਾਈ ਇਕਬਾਲ ਸਿੰਘ ਚੱਬਾ ਜੋਧਪੁਰੀਆ ਅਤੇ ਹੋਰ ਅਨੇਕਾਂ ਬੁਲਾਰਿਆਂ ਨੇ ਪੰਥਕ ਵਿਚਾਰਾਂ ਦੀ ਸਾਂਝ ਪਾਉਂਦਿਆਂ ਸ਼ਹੀਦ ਭਾਈ ਰਸਾਲ ਸਿੰਘ ਆਰ.ਫਕੇ ਨੂੰ ਸ਼ਰਧਾ ਦੇ ਫੁੱਲ ਅਰਪਣ ਕੀਤੇ।

ਇਸ ਮੌਕੇ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਿੱਖ ਧਰਮ ’ਚ ਸ਼ਹਾਦਤ ਦਾ ਸਥਾਨ ਬਹੁਤ ਉੱਚਾ ਹੈ, ਸਾਡੇ ਸ਼ਹੀਦਾਂ ਨੇ ਗੁਰੂ ਗ੍ਰੰਥ, ਗੁਰੂ ਪੰਥ, ਦੇਸ ਪੰਜਾਬ, ਫ਼ਸਲਾਂ, ਨਸਲਾਂ ਤੇ ਪਾਣੀਆਂ ਦੀ ਰਾਖੀ ਲਈ ਲਹੂ ਡੋਲ੍ਹਵਾਂ ਸੰਘਰਸ਼ ਕੀਤਾ ਹੈ। ਭਾਈ ਰਸਾਲ ਸਿੰਘ ਨੇ ਬਿੱਛੂ ਰਾਮ ਵਰਗੇ ਥਾਣੇਦਾਰ ਅਤੇ ਖ਼ਾਲਸਾ ਪੰਥ ਦੇ ਹੋਰ ਦੁਸ਼ਮਣਾਂ ਨੂੰ ਲਲਕਾਰ ਕੇ ਸੋਧਿਆ ਸੀ ਤੇ ਸੰਤ ਜਰਨੈਲ ਸਿੰਘ ਜੀ ਦੇ ਨਾਲ 6 ਜੂਨ 1984 ਨੂੰ ਸ਼ਹਾਦਤ ਪ੍ਰਾਪਤ ਕੀਤੀ ਤੇ ਅੱਜ ਖਾਲਿਸਤਾਨ ਦੀ ਆਜ਼ਾਦੀ ਲਈ ਸੰਘਰਸ਼ ਕਰਨਾ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੈ। ਭਾਈ ਜਸਕਰਨ ਸਿੰਘ ਕਾਹਨਸਿੰਘਵਾਲਾ ਨੇ ਕਿਹਾ ਕਿ ਸੰਤ ਜਰਨੈਲ ਸਿੰਘ ਨੇ ਕਿਹਾ ਸੀ ਕਿ ਜੇ ਦਰਬਾਰ ਸਾਹਿਬ ’ਤੇ ਹਮਲਾ ਹੋਇਆ ਤਾਂ ਖਾਲਿਸਤਾਨ ਦੀ ਨੀਂਹ ਰੱਖੀ ਜਾਵੇਗੀ। ਅਸੀਂ ਸੰਤ ਜਰਨੈਲ ਸਿੰਘ ਨੂੰ ਤਾਂ ਪਿਆਰ ਕਰਦੇ ਹਾਂ ਪਰ ਉਹਨਾਂ ਦੇ ਖਾਲਿਸਤਾਨ ਦੇ ਬਚਨਾਂ ਉੱਤੇ ਵੀ ਪਹਿਰਾ ਦੇ ਕੇ ਸੰਘਰਸ਼ਸ਼ੀਲ ਹੋਈਏ। ਜਥੇਦਾਰ ਗਿਆਨੀ ਸੁਖਦੇਵ ਸਿੰਘ ਬੰਡਾਲਾ ਨੇ ਕਿਹਾ ਕਿ ਦਮਦਮੀ ਟਕਸਾਲ ਯੋਧਿਆਂ ਦੀ ਖਾਣ ਹੈ ਅਤੇ ਟਕਸਾਲ ਦੇ ਸਿੰਘ ਸਿੱਖੀ ਦੇ ਪ੍ਰਚਾਰ ਅਤੇ ਪੰਥ ਦੀ ਰਾਖੀ ਲਈ ਅੱਜ ਵੀ ਡਟੇ ਹੋਏ ਹਨ। ਭਾਈ ਗੁਰਚਰਨ ਸਿੰਘ ਭੁੱਲਰ ਨੇ ਕਿਹਾ ਕਿ ਅਸੀਂ ਸਰਦਾਰ ਸਿਮਰਨਜੀਤ ਸਿੰਘ ਮਾਨ ਨਾਲ ਰਲ਼ ਕੇ ਖਾਲਿਸਤਾਨ ਦੀ ਆਜ਼ਾਦੀ ਲਈ ਸੰਘਰਸ਼ ਕਰਦੇ ਰਹਾਂਗੇ, ਅਫਸੋਸ ਹੈ ਕਿ ਅੱਜ ਬਹੁਤਾਂਤ ਸੰਪਰਦਾਵਾਂ ਪੰਥਕ ਮੁੱਦਿਆਂ ਵੱਲ ਧਿਆਨ ਨਹੀਂ ਦੇ ਰਹੀਆਂ ਅਤੇ ਕੌਮ ਦੇ ਗੱਦਾਰਾਂ ਨਾਲ ਇੱਕਜੁੱਟ ਹੋ ਚੁੱਕੀਆਂ ਹਨ। ਸਮਾਗਮ ’ਚ ਪੰਥਕ ਜਥੇਬੰਦੀਆਂ ਦੇ ਆਗੂ ਸਾਹਿਬਾਨਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸੰਘਰਸ਼ੀ ਸਿੰਘਾਂ ਦਾ ਸਿਰੋਪੇ ਲੋਈਆਂ ਅਤੇ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਲਿਖੀ ਤਵਾਰੀਖ ਸ਼ਹੀਦ-ਏ-ਖਾਲਿਸਤਾਨ (ਭਾਗ ਤੀਜਾ) ਕਿਤਾਬਾਂ ਸੌਂਪ ਕੇ ਸਨਮਾਨ ਵੀ ਕੀਤਾ ਗਿਆ, ਕਿਤਾਬ ’ਚ ਸ਼ਹੀਦ ਭਾਈ ਰਸਾਲ ਸਿੰਘ ਆਰ.ਫਕੇ ਸਮੇਤ ਅਨੇਕਾਂ ਸ਼ਹੀਦਾਂ ਦਾ ਇਤਿਹਾਸ ਛਪਿਆ ਹੋਇਆ ਸੀ। ਇਸ ਮੌਕੇ ਭਾਈ ਨਿਰਮਲ ਸਿੰਘ (ਸਪੁੱਤਰ ਸ਼ਹੀਦ ਰਸਾਲ ਸਿੰਘ ਆਰ.ਫਕੇ), ਭਾਈ ਹਜ਼ਾਰਾ ਸਿੰਘ, ਭਾਈ ਪ੍ਰਗਟ ਸਿੰਘ ਵਾਹਕਾ, ਭਾਈ ਕੁਲਵੰਤ ਸਿੰਘ, ਭਾਈ ਗੁਰਬਖਸ਼ ਸਿੰਘ ਭਾਗੋਕੇ, ਭਾਈ ਕਸ਼ਮੀਰ ਸਿੰਘ ਭੁੱਲਰ, ਭਾਈ ਭਜਨ ਸਿੰਘ ਦੁਆਬੀਆ, ਕੁਲਵਿੰਦਰ ਸਿੰਘ ਸਰਪੰਚ, ਭਾਈ ਦਲਜੀਤ ਸਿੰਘ ਮਹਾਲਮ ਪ੍ਰਧਾਨ ਸਾਈ ਮੀਆਂ ਮੀਰ ਫਾਊਂਡੇਸ਼ਨ, ਸੁਖਜਿੰਦਰ ਸਿੰਘ ਪ੍ਰਧਾਨ, ਭਾਈ ਤਜਿੰਦਰ ਸਿੰਘ ਦਿਉਲ ਪ੍ਰਧਾਨ ਯੂਥ ਵਿੰਗ, ਭਾਈ ਜਗਜੀਤ ਸਿੰਘ ਦਫਤਰ ਸਕੱਤਰ, ਭਾਈ ਹਰਪ੍ਰੀਤ ਸਿੰਘ, ਭਾਈ ਸਾਹਿਬ ਸਿੰਘ ਬੰਡਾਲਾ ਤੇ ਰਾਜ ਕੌਰ ਤੇ ਹੋਰ ਹਾਜ਼ਰ ਸਨ। ਇਸ ਮੌਕੇ ਗੁਰੂ ਕਾ ਲੰਗਰ, ਮਿਠਾਈਆਂ-ਪਕੌੜੇ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੱਕ ਨਜ਼ਰ



## ਕੇਜਰੀਵਾਲ ਆਪਣੀ ਗਿਰਫਤਾਰੀ ਵਿਰੁੱਧ ਪਹੁੰਚੇ ਹਾਈ ਕੋਰਟ, ਮਾਮਲੇ ਦੀ ਤੁਰੰਤ ਸੁਣਵਾਈ ਕਰਣ ਦੀ ਲਗਾਈ ਗੁਹਾਰ

ਨਵੀਂ ਦਿੱਲੀ 23 ਮਾਰਚ (ਮਨਪ੍ਰੀਤ ਸਿੰਘ ਖਾਲਸਾ):-ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਜੋ ਐਨਫੋਰਸਮੈਂਟ ਡਾਇਰੈਕਟੋਰੇਟ ਦੀ ਹਿਰਾਸਤ ਵਿੱਚ ਹਨ, ਨੇ ਦਿੱਲੀ ਆਬਕਾਰੀ ਨੀਤੀ ਕੇਸ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿੱਚ ਆਪਣੇ ਰਿਮਾਂਡ ਨੂੰ ਚੁਣੌਤੀ ਦਿੰਦੇ ਹੋਏ ਸ਼ਨੀਵਾਰ ਨੂੰ ਦਿੱਲੀ ਹਾਈ ਕੋਰਟ ਵਿੱਚ ਪਹੁੰਚ ਕੀਤੀ। ਅਦਾਲਤ ਅੰਦਰ ਦਾਖਿਲ ਕੀਤੀ ਅਪੀਲ ਵਿਚ ਉਨ੍ਹਾਂ ਨੇ ਇਸ ਮਾਮਲੇ ਤੇ ਐਤਵਾਰ 24 ਮਾਰਚ ਤੋਂ ਪਹਿਲਾਂ ਸੁਣਵਾਈ ਦੀ ਮੰਗ ਕੀਤੀ ਹੈ । ਜਿਕਰਯੋਗ ਹੈ ਕਿ ਆਮ ਆਦਮੀ ਪਾਰਟੀ (ਆਪ) ਦੇ ਮੁਖੀ ਨੂੰ ਕੇਂਦਰੀ ਜਾਂਚ ਏਜੰਸੀ ਨੇ ਵੀਰਵਾਰ ਨੂੰ ਗ੍ਰਿਫਤਾਰ ਕੀਤਾ ਸੀ ਅਤੇ ਦਿੱਲੀ ਦੀ ਰੌਜ਼ ਐਵੇਨਿਊ ਅਦਾਲਤ ਨੇ ਸ਼ੁੱਕਰਵਾਰ ਨੂੰ ਛੇ ਦਿਨ ਦੇ ਇਨਫੋਰਸਮੈਂਟ ਡਾਇਰੈਕਟੋਰੇਟ ਦੇ ਰਿਮਾਂਡ 'ਤੇ ਭੇਜ ਦਿੱਤਾ ਸੀ। ਕੇਜਰੀਵਾਲ ਨੇ ਹਾਈ ਕੋਰਟ ਵਿੱਚ ਆਪਣੀ ਪਟੀਸ਼ਨ ਵਿੱਚ ਦਲੀਲ ਦਿੱਤੀ ਕਿ ਗ੍ਰਿਫਤਾਰੀ ਅਤੇ ਰਿਮਾਂਡ ਦੇ ਹੁਕਮ ਦੋਵੇਂ ਗੈਰ-ਕਾਨੂੰਨੀ ਹਨ ਅਤੇ ਉਹ ਤੁਰੰਤ ਹਿਰਾਸਤ ਤੋਂ ਰਿਹਾਅ ਹੋਣ ਦਾ ਹੱਕਦਾਰ ਹੈ। ਇਨਫੋਰਸਮੈਂਟ ਡਾਇਰੈਕਟੋਰੇਟ ਨੇ ਰਿਮਾਂਡ ਅਰਜ਼ੀ ਦੀ ਸੁਣਵਾਈ ਦੌਰਾਨ ਅਦਾਲਤ ਵਿੱਚ ਦਲੀਲ ਦਿੱਤੀ ਕਿ ਕੇਜਰੀਵਾਲ ਦਿੱਲੀ ਆਬਕਾਰੀ ਨੀਤੀ ਘੁਟਾਲੇ ਦਾ "ਮੁੱਖ ਸਾਜ਼ਿਸ਼ਕਰਤਾ ਅਤੇ ਸਰਗਨਾ" ਸੀ। ਈਡੀ ਨੇ ਇਹ ਵੀ ਦਾਅਵਾ ਕੀਤਾ ਕਿ ਕੇਜਰੀਵਾਲ ਤਤਕਾਲੀ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਅਤੇ ਤੇਲੰਗਾਨਾ ਦੇ ਆਗੂ ਕੇ. ਕਵਿਤਾ ਦੇ ਸੰਪਰਕ ਵਿੱਚ ਸਨ, ਜਿਨ੍ਹਾਂ ਦੋਵਾਂ ਨੂੰ ਵੀ ਇਸ ਮਾਮਲੇ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਏਜੰਸੀ ਨੇ ਦੋਸ਼ ਲਾਇਆ ਕਿ ਮੁੱਖ ਮੰਤਰੀ ਨੀਤੀ ਬਣਾਉਣ, ਰਿਸ਼ਵਤ ਮੰਗਣ ਅਤੇ ਜੁਰਮ ਦੀ ਕਮਾਈ ਨਾਲ ਨਜਿੱਠਣ ਵਿਚ ਸਿੱਧੇ ਤੌਰ 'ਤੇ ਸ਼ਾਮਲ ਸੀ। ਇਸ ਦੌਰਾਨ ਕੇਜਰੀਵਾਲ ਨੇ ਦਲੀਲ ਦਿੱਤੀ ਹੈ ਕਿ ਕਥਿਤ ਘੁਟਾਲੇ ਨਾਲ ਉਨ੍ਹਾਂ ਨੂੰ ਜੋੜਨ ਦਾ ਕੋਈ ਸਬੂਤ ਨਹੀਂ ਹੈ।

## ਬਾਬਾ ਅਜੈਬ ਸਿੰਘ ਮੱਖਣ ਵਿੰਡੀ ਦੇ ਅਕਾਲ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ

ਨਵੀਂ ਦਿੱਲੀ, 23 ਮਾਰਚ (ਮਨਪ੍ਰੀਤ ਸਿੰਘ ਖਾਲਸਾ):-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਬਾਬਾ ਅਜੈਬ ਸਿੰਘ ਮੱਖਣ ਵਿੰਡੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਬਾਬਾ ਅਜੈਬ ਸਿੰਘ ਦਾ ਕਾਰ ਸੇਵਾ ਕਾਰਜਾਂ ਵਿਚ ਵੱਡਾ ਯੋਗਦਾਨ ਰਿਹਾ ਹੈ। ਇਨ੍ਹਾਂ ਨੇ ਗੁਰੂ ਘਰਾਂ ਦੀਆਂ ਸੇਵਾਵਾਂ ਵਿਚ ਵੱਡੇ ਕਾਰਜ ਕੀਤੇ ਹਨ। ਐਡਵੋਕੇਟ ਧਾਮੀ ਨੇ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਬਾਬਾ ਅਜੈਬ ਸਿੰਘ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਅਤੇ ਸਨੇਹੀਆਂ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਸ. ਗੁਰਬਖ਼ਸ਼ ਸਿੰਘ ਖਾਲਸਾ, ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਸਕੱਤਰ ਸ. ਪ੍ਰਤਾਪ ਸਿੰਘ ਨੇ ਵੀ ਬਾਬਾ ਅਜੈਬ ਸਿੰਘ ਮੱਖਣਵਿੰਡੀ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟ ਕਰਦਿਆਂ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।

## ਅਕਾਲ ਯੂਨੀਵਰਸਿਟੀ ਵੱਲੋਂ ਭਗਤ ਸਿੰਘ ਅਤੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪ੍ਰੋਗਰਾਮ ਦਾ ਆਯੋਜਨ

ਤਲਵੰਡੀ ਸਾਬੋ, 23 ਮਾਰਚ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਵੱਲੋਂ ਭਗਤ ਸਿੰਘ ਅਤੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਸ਼ਹੀਦੀ ਦਿਹਾੜੇ ਨੂੰ ਸਮਰਪਿਤ ਹੁੰਦਿਆਂ ਯੂਨੀਵਰਸਿਟੀ ਦੇ ਡੀਨ ਵਿਦਿਆਰਥੀ ਭਲਾਈ ਅਤੇ ਐੱਨ ਐੱਸ ਐੱਸ ਵਿਭਾਗ ਵੱਲੋਂ ਜਿਥੇ ਇਕ ਪਾਸੇ ਸਾਈਕਲ ਰੈਲੀ ਦਾ ਆਯੋਜਨ ਹੋਇਆ, ਉੱਥੇ ਦੂਜੇ ਪਾਸੇ ਭਗਤ ਸਿੰਘ ਅਤੇ ਸਾਥੀਆਂ ਦੇ ਜੀਵਨ, ਸ਼ਹਾਦਤ ਅਤੇ ਦਰਸ਼ਨ ਬਾਰੇ ਭਾਸ਼ਣ ਮੁਕਾਬਲੇ ਵੀ ਕਰਵਾਏ ਗਏ। ਪ੍ਰੋਗਰਾਮ ਦੇ ਸ਼ੁਰੂ ਵਿਚ ਡੀਨ ਵਿਦਿਆਰਥੀ ਭਲਾਈ ਡਾ. ਸੰਦੀਪ ਸਿੰਘ ਚਹਿਲ ਨੇ ਸਭ ਦਾ ਸਵਾਗਤ ਕੀਤਾ ਅਤੇ ਸਮੁੱਚੇ ਪ੍ਰੋਗਰਾਮ ਦੀ ਰੂਪ-ਰੇਖਾ ਸਾਂਝੀ ਕੀਤੀ।ਉਪਰੰਤ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਸਾਈਕਲ ਰੈਲੀ ਵਿਚ ਭਾਗ ਲਿਆ, ਜਿਸ ਦਾ ਉਦਘਾਟਨ ਯੂਨੀਵਰਸਿਟੀ ਡੀਨ ਅਕਾਦਮਿਕ ਮੇਜਰ ਜਨਰਲ ਡਾ. ਜੀ. ਐੱਸ. ਲਾਂਬਾ ਨੇ ਹਰੀ ਝੰਡੀ ਦੇ ਕੇ ਕੀਤਾ। ਦੂਜੇ ਪਾਸੇ ਲਗਭਗ 20 ਵਿਦਿਆਰਥੀਆਂ ਨੇ ਭਗਤ ਸਿੰਘ ਤੇ ਸਾਥੀਆਂ ਦੇ ਜੀਵਨ, ਸ਼ਹਾਦਤ ਤੇ ਜੀਵਨ ਦਰਸ਼ਨ ਦੇ ਬਹੁਪਰਤੀ ਪਾਸਾਰਾਂ ਨੂੰ ਆਪਣੇ ਭਾਸ਼ਣਾਂ ਰਾਹੀਂ ਪੇਸ਼ ਕੀਤਾ। ਪ੍ਰੋਗਰਾਮ ਦੌਰਾਨ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿਚ ਐੱਨ.ਐੱਸ.ਐੱਸ ਕੋਆਡੀਨੇਟਰ ਡਾ. ਜਨਪ੍ਰੀਤ ਸਿੰਘ ਨੇ ਧੰਨਵਾਦ ਦੀ ਰਸਮ ਅਦਾ ਕੀਤੀ।

## ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਵਿਖੇ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਸ਼ੁਰੂ

ਤਲਵੰਡੀ ਸਾਬੋ, 23 ਮਾਰਚ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਕੈਂਪਸ ਦਮਦਮਾ ਸਾਹਿਬ ਦੇ ਗੁਰੂ ਕਾਸ਼ੀ ਸੋਸ਼ਲ ਸਾਇੰਸ ਵਿਭਾਗ ਅਤੇ ਭਾਸ਼ਾਵਾਂ ਵਿਭਾਗ ਵੱਲੋਂ ਇੱਕ ਸੱਤ ਰੋਜ਼ਾ 22 ਤੋਂ 28 ਮਾਰਚ ਦੀ ਸ਼ੁਰੂਆਤ ਹੋਈ। ਪ੍ਰੋਗਰਾਮ ਅਫ਼ਸਰ ਡਾ. ਸੁਨੀਤਾ ਨੇ ਇਸ ਕੈਂਪ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਿੱਚ 100 ਵਿਦਿਆਰਥੀ ਭਾਗ ਲੈ ਰਹੇ ਹਨ ਜਿਨਾਂ ਨੂੰ ਦੋ ਯੂਨਿਟਾਂ (50-50) ਵਿੱਚ ਵੰਡਿਆ ਗਿਆ ਹੈ। ਉਹਨਾਂ ਨੇ ਕੈਂਪ ਅਧੀਨ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ, ਲੈਕਚਰਾਂ ਬਾਰੇ ਜਾਣਕਾਰੀ ਦਿੱਤੀ। ਇਸ ਕੈਂਪ ਦਾ ਉਦਘਾਟਨ ਕੈਂਪਸ ਡਾਇਰੈਕਟਰ ਪ੍ਰੋਫੈਸਰ ਕਮਲਜੀਤ ਸਿੰਘ ਵੱਲੋਂ ਕੀਤਾ ਗਿਆ ਉਹਨਾਂ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਵਲੰਟੀਅਰਾਂ ਨੂੰ ਇਸ ਯੋਜਨਾ ਨਾਲ ਜੁੜ ਕੇ ਸਵੈ-ਵਿਸਵਾਸ਼, ਸ਼ਖਸ਼ੀਅਤ ਉਸਾਰੀ ਅਤੇ ਸੇਵਾ ਭਾਵਨਾ ਦੇ ਸੰਕਲਪ ਨੂੰ ਗ੍ਰਹਿਣ ਲਈ ਪ੍ਰੇਰਿਤ ਕੀਤਾ। ਕੈਂਪ ਦੇ ਉਦਘਾਟਨ ਸਮਾਰੋਹ ਦੇ ਅੰਤ ਵਿੱਚ ਸੋਸ਼ਲ ਸਾਇੰਸ ਵਿਭਾਗ ਦੇ ਮੁਖੀ ਡਾ. ਬਲਦੇਵ ਸਿੰਘ ਸ਼ੇਰਗਿੱਲ ਨੇ ਧੰਨਵਾਦ ਕਰਦਿਆਂ ਐਨ.ਐਸ.ਐਸ ਦੇ ਸੰਕਲਪ ਬਾਰੇ ਜਾਣਕਾਰੀ ਦਿੰਦਿਆਂ ਵਿਦਿਆਰਥੀ ਜੀਵਨ ਵਿੱਚ ਇਸ ਦੀ ਮਹੱਤਤਾ 'ਤੇ ਚਾਨਣਾ ਪਾਇਆ ਅਤੇ ਵਲੰਟੀਅਰਾਂ ਨੂੰ ਕੌਮੀ ਸੇਵਾ ਯੋਜਨਾ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਕੈਂਪ ਦੇ ਪਹਿਲੇ ਦਿਨ ਬਾਅਦ ਦੁਪਹਿਰ ਇਕ ਲੈਕਚਰ ਕਰਵਾਇਆ ਗਿਆ ਜਿਸ ਵਿੱਚ ਸ੍ਰੀ ਸ਼ੇਖਰ ਚੌਧਰੀ ਸਕੂਲ ਸਮਾਜ ਸੇਵੀ ਅਧਿਆਪਕ ਅਤੇ ਚੇਅਰਮੈਨ ਮਾਲਵਾ ਵੈਲਫੇਅਰ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਵਲੰਟੀਅਰਾਂ ਨੂੰ ਵੋਟ ਦੇ ਹੱਕਾਂ ਪ੍ਰਤੀ ਸੁਚੇਤ ਕੀਤਾ ਅਤੇ ਆਪਣੇ ਵਿਦਿਆਰਥੀ ਜੀਵਨ ਦੇ ਨਿੱਜੀ ਤਜਰਬੇ ਸਾਂਝੇ ਕੀਤੇ। ਅੰਤ ਵਿੱਚ ਡਾ. ਮਨਮਿੰਦਰ ਕੌਰ ਵੱਲੋਂ ਧੰਨਵਾਦੀ ਮਤਾ ਪੜਿਆ ਗਿਆ।

## ਬਾਪੂ ਬਲਕੌਰ ਸਿੰਘ ਤੇ ਮਾਤਾ ਚਰਨ ਕੌਰ

# ਛੋਟੇ ਸ਼ੁਭਦੀਪ ਨੂੰ ਲੈ ਕੇ ਹੋਏ ਤਖਤ ਸ਼੍ਰੀ ਦਮਦਮਾ ਸਾਹਿਬ ਨਤਮਸਤਕ

**ਸਿੱਧੂ ਮੂਸੇਵਾਲਾ ਦੀ ਹਵੇਲੀ 'ਚ ਫਿਰ ਪਰਤੀਆਂ ਰੌਣਕਾਂ, ਛੋਟੇ ਸੁਭਦੀਪ ਦਾ ਹੋਇਆ ਗ੍ਰਹਿ ਪ੍ਰਵੇਸ਼ • ਮਾਤਾ ਚਰਨ ਕੌਰ ਦੀਆਂ ਅੱਖਾਂ ਨਮ ਸਨ। ਪਰਿਵਾਰ ਲਈ ਬਹੁਤ ਹੀ ਖੁਸ਼ੀ ਦੇ ਪਲ ਹਨ**





ਤਲਵੰਡੀ ਸਾਬੋ, 23 ਮਾਰਚ (ਗੁਰਜੰਟ ਸਿੰਘ ਨਥੇਹਾ)- ਛੋਟਾ ਸਿੱਧੂ ਮੂਸੇਵਾਲਾ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਆਪਣੀ ਹਵੇਲੀ ਵਿੱਚ ਆ ਗਿਆ ਹੈ ਅਤੇ ਮੂਸੇਵਾਲਾ ਦੀ ਹਵੇਲੀ 'ਚ ਵਿਆਹ ਵਰਗਾ ਮਾਹੌਲ ਹੈ। ਮਰਹੂਮ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦੀ ਮਾਤਾ ਚਰਨ ਕੌਰ ਅਤੇ ਛੋਟੇ ਸ਼ੁਭਦੀਪ ਸਿੰਘ ਸਿੱਧੂ ਨੂੰ ਬਠਿੰਡਾ ਦੇ ਹਸਪਤਾਲ ਤੋਂ ਛੁੱਟੀ ਮਿਲਣ ਮਗਰੋਂ ਸਿੱਧੂ ਦੇ ਪਿਤਾ ਬਲਕੌਰ ਸਿੰਘ ਤੇ ਮਾਤਾ ਚਰਨ ਕੌਰ ਛੋਟੇ ਸੁਭਦੀਪ ਨੂੰ ਲੈ ਕੇ ਤਖਤ ਸ਼੍ਰੀ ਦਮਦਮਾ ਸਾਹਿਬ ਨਤਮਸਤਕ ਹੋਏ। ਦਮਦਮਾ ਸਾਹਿਬ ਪਹੁੰਚੇ ਨਿੱਕੇ ਸਿੱਧੂ ਤੇ ਮਾਤਾ ਚਰਨ ਕੌਰ ਨੂੰ ਸਿਰੋਪਾ ਭੇਂਟ ਕੀਤਾ ਗਿਆ। ਪ੍ਰਮਾਤਮਾ ਵਾਹਿਗੁਰੂ ਦਾ ਓਟ ਆਸਰਾ ਲੈਣ ਉਪਰੰਤ ਪਿੰਡ ਮੂਸਾ ਆਪਣੇ ਘਰ ਪਹੁੰਚੇ, ਜਿੱਥੇ ਪਿੰਡ ਵਾਸੀਆਂ ਤੇ ਦੁਨੀਆਂ ਭਰ 'ਚੋਂ ਲੋਕਾਂ ਨੇ ਵਧਾਈਆਂ ਦਿੰਦਿਆਂ ਪਰਿਵਾਰ ਦੀਆਂ ਖ਼ੁਸ਼ੀਆਂ 'ਚ ਸ਼ਮੂਲੀਅਤ ਕੀਤੀ। ਜਦੋਂ ਦੋਵਾਂ ਨੂੰ ਛੁੱਟੀ ਮਿਲੀ ਤਾਂ ਪਿੰਡ ਦੀਆਂ ਔਰਤਾਂ ਨੇ ਗਿੱਧਾ ਅਤੇ ਭੰਗੜਾ ਪਾ ਕੇ ਖ਼ੁਸ਼ੀ ਮਨਾਈ। ਪਰਿਵਾਰਕ ਮੈਂਬਰਾਂ ਨੇ ਹਵੇਲੀ ਅਤੇ ਪੁਰਾਣੇ ਘਰ ਨੂੰ ਖ਼ੂਬਸੂਰਤੀ ਨਾਲ ਸਜਾਇਆ ਹੈ। ਸਿੱਧੂ ਮੂਸੇਵਾਲਾ ਦੇ ਪਰਿਵਾਰ ਦੀ ਖ਼ੁਸ਼ੀ 'ਚ ਸ਼ਾਮਲ ਹੋਣ ਲਈ ਵੱਡੀ ਗਿਣਤੀ 'ਚ ਸਿੱਧੂ ਨੂੰ ਚਰਾਹੁਣ ਵਾਲੇ ਲੋਕ ਮੌਜੂਦ ਹਨ। ਦੱਸ ਦੇਈਏ ਕਿ ਬੀਤੇ 17 ਮਾਰਚ ਨੂੰ ਨਿੱਕੇ ਸਿੱਧੂ ਦਾ ਜਨਮ ਹੋਇਆ ਸੀ। ਹੁਣ ਫਿਰ ਤੋਂ ਸਿੱਧੂ ਆਪਣੀ ਹਵੇਲੀ ਵਿਚ ਵਾਪਸ ਆਏਗਾ। ਬਾਪੂ ਬਲਕੌਰ ਸਿੰਘ ਪਹਿਲਾਂ ਵੀ ਕਹਿ ਚੁੱਕੇ ਹਨ ਕਿ ਉਨ੍ਹਾਂ ਨੂੰ ਆਪਣਾ ਸ਼ੁਭਦੀਪ ਵਾਪਸ ਮਿਲ ਗਿਆ ਹੈ। ਇਸ ਮੌਕੇ ਮਾਤਾ ਚਰਨ ਕੌਰ ਦੀਆਂ ਅੱਖਾਂ ਨਮ ਸਨ। ਪਰਿਵਾਰ ਲਈ ਬਹੁਤ ਹੀ ਖ਼ੁਸ਼ੀ ਦੇ ਪਲ ਹਨ।

## ਮਾਲਵਾ ਵੈਲਫੇਅਰ ਕਲੱਬ ਵੱਲੋਂ ਸ਼ਹੀਦ ਭਗਤ ਸਿੰਘ ਦੇ

# ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ

**ਲੋਕ ਗਾਇਕ ਹਰਦੇਵ ਮਾਹੀਨੰਗਲ ਨੇ ਕੀਤਾ ਉਦਘਾਟਨ • ਕਲੱਬ ਵੱਲੋਂ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ ਅਤੇ ਸਨਮਾਨ ਚਿੰਨ ਦੁਆਰਾ ਸਨਮਾਨ ਕੀਤਾ ਗਿਆ ਸਮੁੱਚੇ ਪ੍ਰੋਗਰਾਮ ਲਈ ਮੰਚ ਸੰਚਾਲਨ ਦੀ ਸੇਵਾ ਕਲੱਬ ਦੇ ਸਕੱਤਰ ਗਗਨਦੀਪ ਸਿੰਘ...**





ਤਲਵੰਡੀ ਸਾਬੋ, 23 ਮਾਰਚ (ਗੁਰਜੰਟ ਸਿੰਘ ਨਥੇਹਾ)- ਇਲਾਕੇ ਦੀ ਨਾਮੀ ਸਮਾਜ ਸੇਵੀ ਸੰਸਥਾ ਮਾਲਵਾ ਵੈਲਫੇਅਰ ਕਲੱਬ ਵੱਲੋਂ ਸ਼ਹੀਦੇ ਆਜ਼ਮ ਸ੍ਰ. ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਅਤੇ ਪੁਰਾਤਨ ਲੋਕ ਗਾਇਕੀ ਦਾ ਪ੍ਰੋਗਰਾਮ ਕਰਵਾਇਆ ਗਿਆ। ਇਸ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਲੋਕ ਗਾਇਕ ਹਰਦੇਵ ਮਾਹੀਨੰਗਲ ਅਤੇ ਡਾਕਟਰ ਵਿਵੇਕ ਜਿੰਦਲ ਵੱਲੋਂ ਕੀਤਾ ਗਿਆ। ਗੁਰੂ ਗੋਬਿੰਦ ਸਿੰਘ ਚੈਰੀਟੇਬਲ ਟਰੱਸਟ ਬਲੱਡ ਬੈਂਕ ਬਠਿੰਡਾ ਦੀ ਟੀਮ ਨੇ ਇਸ ਕੈਂਪ ਵਿੱਚ ਬਲੱਡ ਦੀਆਂ 60 ਯੂਨਿਟਾਂ ਇਕੱਤਰ ਕੀਤੀਆਂ ਗਈਆਂ। ਕਲੱਬ ਪ੍ਰਧਾਨ ਵਿਕਾਸ ਸਿੰਗਲਾ ਅਤੇ ਸਰਪਰਸਤ ਅੰਮ੍ਰਿਤਪਾਲ ਸਿੰਘ ਬਰਾੜ ਦੁਆਰਾ ਸਾਰਿਆਂ ਨੂੰ ਜੀ ਆਇਆਂ ਕਿਹਾ ਗਿਆ ਅਤੇ ਕਲੱਬ ਦੀਆਂ ਗਤੀਵਿਧੀਆਂ ਬਾਰੇ ਦੱਸਿਆ ਗਿਆ। ਇਸ ਕੈਂਪ ਵਿੱਚ ਡਾਕਟਰ ਵਿਵੇਕ ਜਿੰਦਲ ਗੋਲਡ ਮੈਡੀਕਾ ਹਸਪਤਾਲ ਬਠਿੰਡਾ ਅਤੇ ਡਾਕਟਰ ਆਸ਼ੂ ਗੁਪਤਾ ਡੀ ਐਮ ਕਾਰਡੀਓਲੋਜਿਸਟ ਵੱਲੋਂ ਸੀਪੀਆਰ ਫਸਟ ਏਡ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਕੈਂਪ ਵਿੱਚ ਵਿਸ਼ੇਸ਼ ਮਹਿਮਾਨ ਸ੍ਰ. ਗੁਰਚਰਨ ਸਿੰਘ ਬੀਐਸਸੀ ਅਤੇ ਸਰਦਾਰ ਕੇਹਰ ਸਿੰਘ ਸੰਧੂ ਰਿਟਾਇਰ ਐਸਡੀਓ ਪਹੁੰਚੇ। ਇਸ ਪ੍ਰੋਗਰਾਮ ਵਿੱਚ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੁਸ਼ਾਂਤ ਸਿਟੀ-2 ਬਠਿੰਡਾ ਸਾਈਕਲ ਚੇਤਨਾ ਰੈਲੀ ਸ੍ਰ. ਨਿਰਮਲ ਸਿੰਘ ਮਾਨ, ਸ੍ਰ. ਹਰਕਮਲਪ੍ਰੀ ਸਿੰਘ ਸਿੱਧੂ, ਜਗਰੂਪ ਸਿੰਘ ਜੌੜਾ, ਗੁਰਜੰਟ ਸਿੰਘ ਡੀਪੀਈ ਭਾਗੀਵਾਂਦਰ ਆਦਿ ਦੀ ਅਗਵਾਈ ਵਿੱਚ ਇਸ ਖ਼ੂਨਦਾਨ ਕੈਂਪ ਵਿੱਚ ਪਹੁੰਚੀ। ਇਸ ਪ੍ਰੋਗਰਾਮ ਵਿੱਚ ਲੋਕ ਗਾਇਕ ਹਰਦੇਵ ਮਾਹੀਨੰਗਲ ਦੁਆਰਾ ਆਪਣੇ ਗੀਤਾਂ ਰਾਹੀਂ ਖ਼ੂਨਦਾਨੀਆਂ ਦੀ ਹੌਂਸਲਾ ਅਫਜਾਈ ਕੀਤੀ ਗਈ ਅਤੇ ਨਾਲ ਹੀ ਮਨਪ੍ਰੀਤ ਜਲਾਲ ਦੀ ਟੀਮ ਵੱਲੋਂ ਪੁਰਾਤਨ ਲੋਕ ਗਾਇਕੀ ਦਾ ਰੂਪ ਲੋਕਾਂ ਸਾਹਮਣੇ ਪੇਸ਼ ਕੀਤਾ ਗਿਆ। ਰੇਵਤੀ ਪ੍ਰਸ਼ਾਦ ਦੀ ਟੀਮ ਵੱਲੋਂ ਵੀ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਵੀਸ਼ਰੀ ਰਾਹੀਂ ਆਪਣੀ ਹਾਜ਼ਰੀ ਲਵਾਈ ਗਈ। ਕਲੱਬ ਵੱਲੋਂ ਖ਼ੂਨਦਾਨੀਆਂ ਨੂੰ ਰਿਫਰੈਸ਼ਮੈਂਟ ਅਤੇ ਸਨਮਾਨ ਚਿੰਨ ਦੁਆਰਾ ਸਨਮਾਨ ਕੀਤਾ ਗਿਆ।ਸਮੁੱਚੇ ਪ੍ਰੋਗਰਾਮ ਲਈ ਮੰਚ ਸੰਚਾਲਨ ਦੀ ਸੇਵਾ ਕਲੱਬ ਦੇ ਸਕੱਤਰ ਗਗਨਦੀਪ ਸਿੰਘ ਹੈਪੀ ਦੁਆਰਾ ਕੀਤੀ ਗਈ। ਕਲੱਬ ਦੇ ਚੇਅਰਮੈਨ ਸ਼ੇਖਰ ਤਲਵੰਡੀ ਅਤੇ ਖਜਾਨਚੀ ਮਨਦੀਪ ਸਿੰਘ ਧਾਲੀਵਾਲ ਦੁਆਰਾ ਸਾਰਿਆਂ ਦਾ ਧੰਨਵਾਦ ਕੀਤਾ ਗਿਆ। ਸਹਾਰਾ ਕਲੱਬ ਦੇ ਸਰਪ੍ਰਸਤ ਡਾਕਟਰ ਸੁਖਦੇਵ ਸਿੰਘ ਵੱਲੋਂ ਕਲੱਬ ਦੇ ਕੰਮਾਂ ਦੀ ਸ਼ਲਾਘਾ ਕੀਤੀ ਗਈ। ਕੈਂਪ ਵਿੱਚ ਮਿਸਟਰ ਸਿੰਘ ਵੱਲੋਂ ਕਿਤਾਬਾਂ ਦੀ ਸਟਾਲ ਲਗਾਈ ਗਈ। ਇਸ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਅੰਗਰੇਜ਼ ਸਿੰਘ ਠੇਕੇਦਾਰ, ਰੋਕੀ ਬਾਂਸਲ, ਬਰਿੰਦਰ ਪਾਲ ਮਹੇਸ਼ਵਰੀ, ਗੁਰਦੇਵ ਸਿੰਘ ਚੱਠਾ, ਬਾਬਾ ਪਾਲੀ ਮਹੰਤ ਜੀ, ਡਾਕਟਰ ਨਵਦੀਪ ਕਾਲੜਾ, ਜਸਵਿੰਦਰ ਸ਼ਰਮਾ, ਡਾਕਟਰ ਪਰਮਜੀਤ ਕੌਰੇਆਣਾ, ਤਰਸੇਮ ਕੁਮਾਰ ਸਿੰਗਲਾ, ਰੁਪਿੰਦਰ ਸਿੱਧੂ, ਮਲਕੀਤ ਖਾਂਨ ਆਦਿ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਸਮੇਂ ਕਲੱਬ ਦੇ ਅਹੁਦੇਦਾਰ ਅਤੇ ਮੈਂਬਰ ਸ੍ਰੀ ਚਿਮਨ ਲਾਲ, ਅਰਸ਼ਦੀਪ ਸਿੰਘ ਗਿੱਲ, ਜਗਨਦੀਪ ਸਿੰਘ, ਹਰਬੰਸ ਮਾਨ, ਪ੍ਰਿੰਸੀਪਲ ਬਿਕਰਮਜੀਤ ਸਿੰਘ, ਰਾਜਿੰਦਰ ਚੱਠਾ, ਜਸਵੰਤ ਸਿੰਘ ਠੇਕੇਦਾਰ, ਬਲਕਰਨ ਮਾਨ, ਰਾਜਦੀਪ ਢਿੱਲੋਂ, ਬਲਰਾਜ ਸਿੰਘ, ਸ਼ੁਭਦੀਪ ਸਿੰਘ, ਅਮਨਦੀਪ ਸਿੰਘ, ਸੁਖਵਿੰਦਰ ਸਿੰਘ, ਰਜਤ ਕੁਮਾਰ, ਬਲਵਿੰਦਰ ਬੱਬੂ, ਰਣਜੀਤ ਸਿੰਘ ਬਰਾੜ, ਰਾਜੀਵ ਕੁਮਾਰ, ਵਿਜੇ ਚੌਧਰੀ, ਪ੍ਰੀਤ ਤਲਵੰਡੀ, ਮੁਨੀਸ਼ ਚੌਧਰੀ ਆਦਿ ਹਾਜ਼ਰ ਸਨ।

# ਬਲਾਕ ਪੱਧਰੀ ਅਧਿਆਪਕਾਂ ਦੇ ਮਿਸ਼ਨ ਸਮਰੱਥ ਦੇ ਅਧੀਨ ਸਿਖਲਾਈ ਕੈਂਪ ਸ਼ਲਾਘਾਯੋਗ: ਡੀ.ਈ.ਓ



ਬਠਿੰਡਾ, 23 ਮਾਰਚ (ਗੁਰਜੰਟ ਸਿੰਘ ਨਥੇਹਾ)- ਸਿੱਖਿਆ ਵਿਭਾਗ ਪੰਜਾਬ ਵੱਲੋਂ ਵਿਦਿਆਰਥੀਆਂ ਦੀ ਗੁਣਾਤਮਕ ਸਿੱਖਿਆ ਵਿੱਚ ਕਰਨ ਲਈ ਮਾਨਯੋਗ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਤੀਸ਼ ਕੁਮਾਰ ਬਠਿੰਡਾ, ਉਪ ਸਿੱਖਿਆ ਅਫ਼ਸਰ ਮਹਿੰਦਰ ਪਾਲ ਸਿੰਘ ਦੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਚੱਲ ਰਹੇ ਮਿਸ਼ਨ ਸਮਰੱਥ ਤਹਿਤ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਵਿੱਚ ਵੱਖ-ਵੱਖ ਬਲਾਕਾਂ ਦੇ ਸਿੱਖਿਆ ਅਫ਼ਸਰ ਦੀ ਰਹਿਨੁਮਾਈ ਵਿੱਚ ਕੈਂਪਾਂ ਦਾ ਪ੍ਰਬੰਧ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਤੀਸ ਕੁਮਾਰ ਨੇ ਰਾਮਪੁਰਾ, ਬਠਿੰਡਾ, ਸੰਗਤ ਬਲਾਕਾਂ ਦੇ ਸਿਖਲਾਈ ਕੈਂਪ ਦਾ ਨਰੀਖਣ ਕੀਤਾ ਗਿਆ। ਇਸ ਮੌਕੇ ਸੰਗਤ ਬਲਾਕ ਦੇ ਮਿਸ਼ਨ ਸਮਰੱਥ ਸਿਖਲਾਈ ਕੈਂਪ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਸੁਤੀਸ਼ ਕੁਮਾਰ ਬਠਿੰਡਾ ਨੇ ਕੈਂਪ ਦਾ ਨਰੀਖਣ ਕੀਤਾ ਗਿਆ। ਉਨ੍ਹਾਂ ਸਿਖਲਾਈ ਕੈਂਪ ਦੇ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ। ਇਸ ਮੌਕੇ ਬਲਾਕ ਸਿੱਖਿਆ ਅਫ਼ਸਰ ਲਖਵਿੰਦਰ ਸਿੰਘ ਸੰਗਤ ਨੇ ਆਪਣੀ ਸਵਾਗਤੀ ਸ਼ਬਦਾਂ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਜੀ ਆਇਆਂ ਨੂੰ ਕਿਹਾ ਅਤੇ ਕੈਂਪ ਦੇ ਸਮੂਹ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਪਣਾ ਮੁੱਖ ਮਕਸਦ ਬੱਚਿਆਂ ਨੂੰ ਵਧੀਆ ਢੰਗ ਤਰੀਕਿਆਂ ਨਾਲ ਸਿੱਖਣ ਸਿਖਾਉਣ ਦੀਆਂ ਗਤੀਵਿਧੀਆਂ ਰਾਹੀਂ ਬੱਚਿਆਂ ਦੇ ਸਿੱਖਿਆ ਪੱਧਰ ਨੂੰ ਉੱਚਾ ਚੁੱਕਣ ਲਈ ਪ੍ਰਕਿਰਿਆ ਨੂੰ ਅੱਗੇ ਵਧਾਉਣ ਲਈ ਅਧਿਆਪਕਾਂ ਨੂੰ ਮਿਸ਼ਨ ਸਮਰੱਥ ਦੀਆਂ ਗਤੀਵਿਧੀਆਂ ਰਾਹੀਂ ਬੱਚਿਆਂ ਨੂੰ ਸਖਾਇਆ ਜਾਵੇ। ਇਸ ਮੌਕੇ ਮੀਡੀਆ ਸਲਾਹਕਾਰ ਬਲਵੀਰ ਸਿੰਘ ਕਮਾਂਡੋ ਨੇ ਦੱਸਿਆ ਕਿ ਸੰਗਤ ਮਿਸ਼ਨ ਸਮਰੱਥ ਕੈਂਪ ਦੇ ਇੰਚਾਰਜ ਸੈਂਟਰ ਹੈੱਡ ਪਵਨ ਕੁਮਾਰ ਮੱਲਵਾਲਾ ਅਤੇ ਜਗਦੀਸ਼ ਕੁਮਾਰ ਚੱਕ ਰੁਲਦੂ ਸਿੰਘ ਵਾਲਾ ਅਤੇ ਰਿਸੋਰਸ ਪਰਸਨ ਸੰਦੀਪ ਕੁਮਾਰ, ਸੁਖਪਾਲ ਸਿੰਘ, ਗੋਬਿੰਦ ਸਿੰਘ ਸੈਣੇ ਵਾਲਾ, ਜਗਸੀਰ ਸਿੰਘ ਗਹਿਰੀ ਬੁੱਟਰ, ਸੰਜੀਵ ਕੁਮਾਰ ਆਦਿ ਨੇ ਬਲਾਕ ਦੇ ਸਮੂਹ ਅਧਿਆਪਕਾਂ ਨੂੰ ਮਿਸ਼ਨ ਸਮਰੱਥ ਰਾਹੀਂ ਅਧਿਆਪਕਾਂ ਨੂੰ ਨਵੇਂ ਸੈਸ਼ਨ 2024-25 ਸਮੇਂ ਬੱਚਿਆਂ ਦੀ ਪੜ੍ਹਾਈ ਦੀ ਤਿਆਰੀ ਅਧਿਆਪਕਾਂ ਨੂੰ ਸਿਖਲਾਈ ਕੈਂਪ ਲਗਾ ਕੇ ਤਿਆਰ ਕੀਤਾ ਗਿਆ ਹੈ।

# ਇੱਕ ਨਜ਼ਰ



## 8,000 ਰੁਪਏ ਦੀ ਰਿਸ਼ਵਤ ਲੈਣ ਵਾਲਾ ਪਟਵਾਰੀ ਵਿਜੀਲੈਂਸ ਬਿਊਰੋ ਵੱਲੋਂ ਗ੍ਰਿਫਤਾਰ

ਸ੍ਰੀ ਹਰਗੋਬਿੰਦਪੁਰ ਸਾਹਿਬ, 22 ਮਾਰਚ (ਕੁਲਜੀਤ ਸਿੰਘ ਖੋਖਰ)- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਸ਼ੁੱਕਰਵਾਰ ਨੂੰ ਗੁਰਦਾਸਪੁਰ ਜ਼ਿਲੇ ਦੀ ਤਹਿਸੀਲ ਬਟਾਲਾ ਦੀ ਬਾਜਵਾ ਕਲੋਨੀ, ਗੌਂਸਪੁਰਾ ਦੇ ਰਹਿਣ ਵਾਲੇ ਮਾਲ ਪਟਵਾਰੀ ਮਨੀਸ਼ ਕੁਮਾਰ ਨੂੰ 8,000 ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਇਹ ਪ੍ਰਗਟਾਵਾ ਕਰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਓਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮਾਲ ਕਰਮਚਾਰੀ ਨੂੰ ਗੁਰਦਾਸਪੁਰ ਦੇ ਪਿੰਡ ਹਰਦੋਚੰਦੇ ਦੇ ਵਸਨੀਕ ਸ਼ਮਸ਼ੇਰ ਸਿੰਘ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਵਿਖੇ ਦਰਜ ਕਰਵਾਈ ਗਈ ਸ਼ਿਕਾਇਤ ਦੀ ਪੜਤਾਲ ਉਪਰੰਤ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਸ਼ਿਕਾਇਤ ਦੀ ਪੜਤਾਲ ਦੌਰਾਨ ਇਹ ਗੱਲ ਸਾਹਮਣੇ ਆਈ ਕਿ ਉਕਤ ਮੁਲਜ਼ਮ ਨੇ ਸ਼ਿਕਾਇਤਕਰਤਾ ਦੇ ਮਾਲ ਰਿਕਾਰਡ ਵਿੱਚ ਬੈਂਕ ਵੱਲੋਂ ਜਾਰੀ ਐਨ.ਓ.ਸੀ. ਦੀ ਐਂਟਰੀ ਕਰਵਾਉਣ ਲਈ 10,000 ਰੁਪਏ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਨੇ ਇਹ ਵੀ ਦੋਸ਼ ਲਾਇਆ ਹੈ ਕਿ ਉਕਤ ਮੁਲਜ਼ਮ ਨੇ ਪਹਿਲਾਂ ਵੀ 1,500 ਰੁਪਏ ਨਗਦ ਲੈ ਲਏ ਸਨ ਅਤੇ ਦੋ ਕਿਸ਼ਤਾਂ ਵਿੱਚ 6,500 ਰੁਪਏ ਟ੍ਰਾਂਸਫਰ ਕੀਤੇ ਗਏ। ਇਸ ਜਾਂਚ ਤੋਂ ਬਾਅਦ ਮੁਲਜ਼ਮ ਪਟਵਾਰੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਉਸ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੇ ਤਹਿਤ ਵਿਜੀਲੈਂਸ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਉਸ ਨੂੰ ਭਲਕੇ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਸ਼੍ਰੋਮਣੀ ਅਕਾਲੀ ਦਲ ਕੋਰ ਕਮੇਟੀ ਦੇ ਮਤੇ "ਸਾਡੇ ਸਿਧਾਂਤ ਰਾਜਨੀਤੀ ਤੋਂ ਉੱਪਰ ਹਨ" ਦਾ ਸਵਾਗਤ: ਸਰਨਾ

ਨਵੀਂ ਦਿੱਲੀ, 23 ਮਾਰਚ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਨੇ ਮੁੱਖ ਮੁੱਦਿਆਂ, ਨੀਤੀਆਂ ਅਤੇ ਸਿਧਾਂਤਾਂ ਦੀ ਰੂਪਰੇਖਾ ਤਿਆਰ ਕੀਤੀ ਹੈ ਜੋ ਪਾਰਟੀ ਦੀ ਸਿਆਸੀ ਪਹੁੰਚ ਨੂੰ ਅੱਗੇ ਵਧਾਉਣਗੇ। ਉਨ੍ਹਾਂ ਅੱਗੇ ਕਿਹਾ ਕਿ ਇਹ ਫੈਸਲਾ ਸ਼੍ਰੋਮਣੀ ਅਕਾਲੀ ਦਲ ਦੀ ਆਪਣੀਆਂ ਮੂਲ ਕਦਰਾਂ-ਕੀਮਤਾਂ ਅਤੇ ਤਰਜੀਹਾਂ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸਰਨਾ ਨੇ ਕਿਹਾ, "ਸ਼੍ਰੋਮਣੀ ਅਕਾਲੀ ਦਲ ਦੀ ਸਿਖਰਲੀ ਲੀਡਰਸ਼ਿਪ ਵੱਲੋਂ ਆਪਣੇ ਮਤੇ ਰਾਹੀਂ ਭੇਜਿਆ ਗਿਆ ਸੰਦੇਸ਼ ਬਹੁਤ ਸਪੱਸ਼ਟ ਹੈ - ਸਾਡੇ ਸਿਧਾਂਤ ਰਾਜਨੀਤੀ ਤੋਂ ਉੱਪਰ ਹਨ।" "ਖਾਲਸਾ ਪੰਥ, ਸਾਰੀਆਂ ਘੱਟ ਗਿਣਤੀਆਂ ਅਤੇ ਹਰ ਪੰਜਾਬੀ ਦੇ ਨੁਮਾਇੰਦੇ ਹੋਣ ਦੇ ਨਾਤੇ, ਅਸੀਂ ਉਹਨਾਂ ਦੇ ਹਿੱਤਾਂ ਦੀ ਰਾਖੀ ਅਤੇ ਭਾਈਚਾਰਕ ਸਾਂਝ ਨੂੰ ਯਕੀਨੀ ਬਣਾਉਣ ਲਈ ਸਮਰਪਿਤ ਹਾਂ। ਸਰਨਾ ਨੇ ਜ਼ੋਰ ਦੇ ਕੇ ਕਿਹਾ ਕਿ ਰਾਜਾਂ ਲਈ ਵਧੇਰੇ ਸ਼ਕਤੀਆਂ ਅਤੇ ਅਸਲ ਖੁਦਮੁਖਤਿਆਰੀ ਦੀ ਵਕਾਲਤ ਕਰਨ 'ਤੇ ਪਾਰਟੀ ਦਾ ਫੋਕਸ ਲੋਕਾਂ ਦੀਆਂ ਇੱਛਾਵਾਂ ਨੂੰ ਦਰਸਾਉਂਦਾ ਹੈ ਜਿਨ੍ਹਾਂ ਦੀ ਇਹ ਪ੍ਰਤੀਨਿਧਤਾ ਕਰਦੀ ਹੈ। ਉਨ੍ਹਾਂ ਕਿਹਾ, "ਸਾਡੀ ਪਾਰਟੀ ਇਨ੍ਹਾਂ ਬੁਨਿਆਦੀ ਮੁੱਦਿਆਂ 'ਤੇ ਲਗਾਤਾਰ ਡਟ ਕੇ ਖੜ੍ਹੀ ਹੈ, ਅਤੇ ਅਸੀਂ ਇਸ ਨੂੰ ਜਾਰੀ ਰੱਖਾਂਗੇ। ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਦੀਆਂ ਭਾਵਨਾਵਾਂ ਦੀ ਗੂੰਜ ਵਿੱਚ, ਸਰਨਾ ਨੇ ਕੇਂਦਰ ਸਰਕਾਰ ਵੱਲੋਂ ਕੀਤੀਆਂ ਗਈਆਂ ਵਚਨਬੱਧਤਾਵਾਂ, ਖਾਸ ਕਰਕੇ ਬੰਦੀ ਸਿੰਘਾਂ ਦੀ ਰਿਹਾਈ ਦੇ ਸਬੰਧ ਵਿੱਚ, ਜੋ ਆਪਣੀਆਂ ਸ਼ਰਤਾਂ ਪੂਰੀਆਂ ਕਰ ਚੁੱਕੇ ਹਨ, ਨੂੰ ਪੂਰਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ ਹੈ। ਪੰਥਕ ਆਗੂ ਨੇ ਕਿਸਾਨਾਂ ਅਤੇ ਮਜ਼ਦੂਰਾਂ ਲਈ ਪਾਰਟੀ ਦੇ ਅਟੁੱਟ ਸਮਰਥਨ ਨੂੰ ਦੁਹਰਾਇਆ, ਉਨ੍ਹਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਦੇ ਹੱਕਾਂ ਦੀ ਵਕਾਲਤ ਕਰਨ ਲਈ ਹਮੇਸ਼ਾ ਮੋਹਰੀ ਰਿਹਾ ਹੈ ਅਤੇ ਅਸੀਂ ਉਨ੍ਹਾਂ ਦੇ ਹੱਕਾਂ ਦੀ ਪੈਰਵੀ ਕਰਦੇ ਰਹਾਂਗੇ। ਸਰਨਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਵੱਲੋਂ ਲਏ ਗਏ ਫੈਸਲੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਜ਼ੋਰਦਾਰ ਮੁਹਿੰਮ ਵਿੱਢਣ ਦਾ ਰਾਹ ਪੱਧਰਾ ਕਰਦੇ ਹਨ।



## ਕਸੇ ਅਣਸੁਖਾਮੀ ਘਟਨਾ ਨੂੰ ਧਿਆਨ ਵਿੱਚ ਰੱਖਦਿਆਂ ਵੱਡੀ ਪੱਧਰ ਤੇ ਫਾਇਰ ਬ੍ਰਿਗੇਡਾਂ ਅਤੇ ਐਂਬੂਲੈਂਸਾਂ ਦਾ ਪ੍ਰਬੰਧ

### ਸ਼ਰਧਾਲੂਆਂ ਦੀ ਆਮਦ ਲਈ ਖਾਲਸਾ ਪੰਥ ਦੀ ਜਨਮ ਭੂਮੀ ਤਿਆਰ ਰਾਜਪਾਲ ਸਿੰਘ ਸੇਖੋਂ ਮੇਲਾ ਅਫਸਰ

ਸ਼੍ਰੀ ਅਨੰਦਪੁਰ ਸਾਹਿਬ, 22 ਮਾਰਚ (ਆਵਾਜ਼ਿ ਕੌਮ ਬਿਊਰੋ) ਖਾਲਸਾ ਪੰਥ ਜੀ ਦੀ ਜਨਮਭੂਮੀ ਸ੍ਰੀ ਅਨੰਦਪੁਰ ਸਾਹਿਬ ਜਿੱਥੇ ਹਰ ਸਾਲ ਖਾਲਸੇ ਦਾ ਕੌਮੀ ਤਿਉਹਾਰ ਖਾਲਸੇ ਚੜ੍ਹਦੀ ਕਲਾ ਅਤੇ ਜਾਹੋ ਜਲਾਲ ਦਾ ਪ੍ਰਤੀਕ ਹੋਲਾ ਮਹੱਲਾ ਬੜੀ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਇਸ ਗੱਲ ਦਾ ਪ੍ਰਗਟਾਵਾ ਸ਼੍ਰੀ ਅਨੰਦਪੁਰ ਸਾਹਿਬ ਦੇ ਐਸਡੀਐਮ /ਮੇਲਾ ਅਫਸਰ ਰਾਜਪਾਲ ਸਿੰਘ ਸੇਖੋਂ ਨੇ ਇਸ ਪ੍ਰਤੀ ਨਿਧੀ ਨਾਲ ਗੱਲਬਾਤ ਕਰਦਿਆਂ ਕੀਤਾ! ਉਹਨਾਂ ਕਿਹਾ ਕਿ ਮੈਂ ਭਾਗਾਂ ਵਾਲਾ ਹਾਂ ਕਿ ਮੈਨੂੰ ਇਸ ਪਵਿੱਤਰ ਧਰਤੀ ਦੀ ਸੇਵਾ ਕਰਨ ਦਾ ਮਾਣ ਗੁਰੂ ਸਾਹਿਬ ਨੇ ਬਖਸ਼ਿਆ ਹੈ ਉਹਨਾਂ ਕਿਹਾ ਕਿ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਖਾਲਸਾ ਪੰਥ ਦੀ ਜਨਮ ਭੂਮੀ ਸ਼ਰਧਾਲੂਆਂ ਦੀ ਆਮਦ ਲਈ ਪੂਰੀ ਤਰ੍ਹਾਂ ਤਿਆਰ ਹੈ! ਸਰਦਾਰ ਸ਼ੇਖੋ ਨੇ ਕਿਹਾ ਕਿ ਕਿਸੇ ਅਨਸੁਖਾਮੀ ਘਟਨਾ ਵਾਪਰਨ ਦੇ ਮੱਦੇ ਨਜ਼ਰ 15 ਫਾਇਰ ਬ੍ਰਿਗੇਡ ਪੂਰੇ ਅਮਲੇ ਸਮੇਤ ਤਿਆਰ ਪਰ ਤਿਆਰ ਖੜੇ ਹਨ। ਸਿਹਤ ਵਿਭਾਗ ਦੀਆਂ ਦਰਜਨਾਂ ਐਂਬੂਲੈਂਸਾਂ ਵੀ ਤਿਆਰ ਹਨ ਅਤੇ ਡਾਕਟਰਾਂ ਦੀ ਟੀਮ ਆਪਣੀਆਂ ਡਿਊਟੀਆਂ ਦਿਨ ਰਾਤ ਦੇ ਰਹੀ ਰਹੀ ਹੈ ਬੈਟਰਨਰੀ ਡਾਕਟਰ ਨਿਹੰਗਾ ਸਿੰਘਾਂ ਦੇ ਘੋੜਿਆਂ ਲਈ ਦਵਾ ਦਾਰੂ ਦੇ ਰਹੇ ਹਨ ਸੰਗਤਾਂ ਨੂੰ ਸਾਫ ਤੇ ਸੁਥਰਾ ਪਾਣੀ ਮੁਹਈਆ ਕਰਾਉਣ ਲਈ ਸਿਹਤ ਵਿਭਾਗ ਦੀਆਂ ਟੀਮਾਂ ਦਿਨ ਰਾਤ ਕੰਮ ਕਰ ਰਹੀਆਂ ਹਨ 4000 ਤੋਂ ਵਧੇਰੇ ਪੁਲਿਸ ਅਫਸਰ ਤੇ ਕਰਮਚਾਰੀ ਤੈਨਾਤ ਹਨ 300 ਤੋਂ ਵਧੇਰੇ ਚਿੱਟ ਕੱਪੜੀਏ ਪੁਲਿਸ ਮੁਲਾਜ਼ਮ ਤਾਇਨਾਤ ਕੀਤੇ ਗਏ ਹਨ! 14 ਡਿਸਪੈਂਸਰੀਆਂ ਸ਼੍ਰੀ ਅਨੰਦਪੁਰ ਸਾਹਿਬ ਅਤੇ ਚਾਰ ਡਿਸਪੈਂਸਰੀਆਂ ਸ਼੍ਰੀ ਕੀਰਤਪੁਰ ਸਾਹਿਬ ਖੇਤਰ ਵਿੱਚ ਕੰਮ ਕਰ ਰਹੀਆਂ ਹਨ ।




### ਰਕੇਸ਼ ਗਿੱਲ ਅਤੇ ਐਡਵੋਕੇਟ ਗੌਰਵ ਗਿੱਲ ਵੱਲੋਂ ਭਾਜਪਾ ਯੁਵਾ ਮੋਰਚੇ ਦੀ ਮੀਟਿੰਗ ਆਯੋਜਿਤ

## ਸਾਡੇ ਲੋਕਾਂ ਨੂੰ ਵੀ ਵਿਸ਼ਵ ਦੇ ਆਰਥਿਕ ਪੁਨਰ-ਉਥਾਨ ਦਾ ਲਾਭ ਮਿਲੇਗਾ : ਤਰਨਜੀਤ ਸਿੰਘ ਸੰਧੂ

- ਅੰਮ੍ਰਿਤਸਰ ਦਾ ਇਕ ਅਜਿਹਾ ਮਾਡਲ ਉਸਾਰਿਆ ਜਾਵੇਗਾ ਜੋ ਸ਼ਹਿਰ ਨੂੰ ਦੇਸ਼ ਦੇ ਬਾਕੀ ਹਿੱਸੇ ਅਤੇ ਵਿਸ਼ਵ ਨਾਲ ਜੋੜਨ ਵਿੱਚ ਮਦਦ ਕਰਨਗੀਆਂ • ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਭਾਰਤ 'ਚ ਅਮਰੀਕਾ ਨਾਲ ਸਬੰਧ....



ਅੰਮ੍ਰਿਤਸਰ , 23 ਮਾਰਚ (ਆਵਾਜ਼ਿ ਕੌਮ ਬਿਊਰੋ)- ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਰਾਜਦੂਤ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਅਤੇ ਪੰਜਾਬ ਵਿੱਚ ਨੌਜਵਾਨਾਂ ਦੀ ਬਹੁਤ ਵੱਡੀ ਆਬਾਦੀ ਹੈ ਅਤੇ ਨੌਜਵਾਨਾਂ ਲਈ ਬਹੁਤ ਸਾਰੇ ਮੌਕੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਪਿਛਲੇ 10 ਸਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਨੇੜਿਓਂ ਕੰਮ ਕੀਤਾ ਹੈ ਅਤੇ ਇਸ 'ਚ ਕੋਈ ਸ਼ੱਕ ਨਹੀਂ ਕਿ ਮੈਂ ਉਨ੍ਹਾਂ ਤੋਂ ਪ੍ਰੇਰਿਤ ਹਾਂ। ਇਸ ਲਈ ਮੈਂ ਮਹਿਸੂਸ ਕਰਦਾ ਹਾਂ ਕਿ ਉਨ੍ਹਾਂ ਦੀਆਂ ਬਹੁਤ ਸਾਰੀਆਂ ਚੰਗੀਆਂ ਤੇ ਸਕਾਰਾਤਮਿਕ ਯੋਜਨਾਵਾਂ ਅੰਮ੍ਰਿਤਸਰ ਵਿੱਚ ਲਿਆਂਦੀਆਂ ਜਾ ਸਕਦੀਆਂ ਹਨ। ਇਕ ਅਜਿਹਾ ਮਾਡਲ ਉਸਾਰਿਆ ਜਾ ਸਕਦਾ ਹੈ ਜੋ ਸ਼ਹਿਰ ਨੂੰ ਦੇਸ਼ ਦੇ ਬਾਕੀ ਹਿੱਸੇ ਅਤੇ ਵਿਸ਼ਵ ਨਾਲ ਜੋੜਨ ਵਿੱਚ ਮਦਦ ਕਰਨਗੀਆਂ। ਰਾਜਦੂਤ ਸਰਦਾਰ ਤਰਨਜੀਤ ਸਿੰਘ ਸੰਧੂ ਭਾਜਪਾ ਯੁਵਾ ਮੋਰਚਾ ਦੀ ਇਕ ਪ੍ਰਭਾਵਸ਼ਾਲੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ, ਜਿਸ ਦੀ ਪ੍ਰਧਾਨਗੀ ਰਕੇਸ਼ ਗਿੱਲ ਨੇ ਅਤੇ ਸੰਚਾਲਨ ਐਡਵੋਕੇਟ ਗੌਰਵ ਗਿੱਲ ਨੇ ਕੀਤਾ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਸੂਬਾ ਮੀਤ ਪ੍ਰਧਾਨ ਕੇ.ਡੀ ਭੰਡਾਰੀ ਅਤੇ ਸਕੱਤਰ ਰਜੇਸ਼ ਹਨੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਸਰਦਾਰ ਸੰਧੂ ਨੇ ਕਿਹਾ ਕਿ ਭਾਰਤੀ ਵਿਦੇਸ਼ ਸੇਵਾ ਦੌਰਾਨ ਜੋ ਵੀ ਸਿੱਖਿਆ ਅਤੇ ਵਿਸ਼ੇਸ਼ ਸੰਪਰਕ ਬਣਾਇਆ ਹੈ, ਉਸ ਦਾ ਪ੍ਰਯੋਗ ਕਰਦਿਆਂ ਖ਼ਾਸ ਤੌਰ 'ਤੇ, ਮੈਂ ਆਪਣੇ ਗ੍ਰਹਿ ਸ਼ਹਿਰ ਅੰਮ੍ਰਿਤਸਰ ਅਤੇ ਪੰਜਾਬ ਦੇ ਵਿਕਾਸ ਲਈ ਯੋਗਦਾਨ ਪਾਉਣਾ ਚਾਹੁੰਦਾ ਹਾਂ। ਇਹ ਯਕੀਨੀ ਬਣਾਉਣਾ ਚਾਹੁੰਦਾ ਹਾਂ ਕਿ ਸਾਡੇ ਲੋਕਾਂ ਨੂੰ ਵੀ ਵਿਸ਼ਵ ਦੇ ਆਰਥਿਕ ਪੁਨਰ-ਉਥਾਨ ਦਾ ਲਾਭ ਮਿਲੇ। ਸਰਦਾਰ ਸੰਧੂ ਨੇ ਕਿਹਾ ਕਿ ਅੰਤਰਰਾਸ਼ਟਰੀ ਮੁਦਰਾ ਫ਼ੰਡ ਅਤੇ ਵਿਸ਼ਵ ਬੈਂਕ ਦੇ ਅਨੁਮਾਨਾਂ 'ਤੇ ਨਜ਼ਰ ਮਾਰਦੇ ਹੋ, ਤਾਂ ਉਹ ਪੂਰੀ ਤਰ੍ਹਾਂ ਸਪਸ਼ਟ ਹਨ ਕਿ ਭਾਰਤ ਇੱਕ ਪ੍ਰਮੁੱਖ ਭੂਮਿਕਾ ਨਿਭਾਏਗਾ। ਇਹ ਤੈਅ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਜਾਵੇਗਾ। ਸਾਡੀ ਸਭ ਤੋਂ ਵੱਡੀ ਤਾਕਤ ਸਾਡੀ ਨੌਜਵਾਨਾਂ ਅਬਾਦੀ ਹੈ। ਅੱਜ ਸਾਰੇ ਯੂਰਪੀ ਦੇਸ਼ਾਂ ਦੀ ਆਬਾਦੀ ਬੁੱਢੀ ਹੋ ਰਹੀ ਹੈ। ਭਾਰਤ ਦੇ 1.40 ਕਰੋੜ ਲੋਕਾਂ ਵਿੱਚੋਂ 50% ਤੋਂ ਵੱਧ ਨੌਜਵਾਨ ਹਨ। ਇਸ ਮੌਕੇ ਤਰਨਜੀਤ ਸਿੰਘ ਸੰਧੂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਰਾਮ ਚਾਵਲਾ, ਸੁਖਮਿੰਦਰ ਸਿੰਘ ਮਿੰਟੂ, ਦਾਨਿਸ਼ ਕਪੂਰ, ਮਨੀਸ਼ ਸ੍ਰੀਵਾਸਤਵ, ਰਾਘਵ ਅਹੂਜਾ, ਜੀਵਨ ਕੁਮਾਰ, ਨਵਦੀਪ ਸ਼ਰਮਾ, ਸੰਨ੍ਹੀ ਰਾਜਪੂਤ, ਮੁਨੀਸ਼ ਸ਼ਰਮਾ, ਸ਼ਿਲਲ ਕਪੂਰ, ਮੀਨੂ ਸਹਿਗਲ , ਪਰਮਜੀਤ ਸਿੰਘ ਬਤਰਾ, ਸੌਰਵ ਮਹਾਜਨ ਜਨਰਲ ਸਕੱਤਰ ਯੁਵਾ ਮੋਰਚਾ, ਮੱਧਮ ਸ਼ਰਮਾ, ਕਰਨ ਮੇਰੀ, ਅਕਸ਼ੈ ਵਰਮਾਨੀ, ਵੀ ਮੌਜੂਦ ਸਨ।

### ਮਾਮਲਾ ਜ਼ਿਲ੍ਹਾ ਸੰਗਰੂਰ ਵਿੱਚ ਸ਼ਰਾਬ ਪੀਣ ਨਾਲ ਹੋਈਆਂ ਮੌਤਾਂ ਦਾ

## ਪੀੜਿਤ ਪਰਿਵਾਰਾਂ ਨੂੰ 1-1 ਕਰੋੜ ਰੁਪਏ ਅਤੇ ਸਰਕਾਰੀ ਨੌਕਰੀ ਦਿੱਤੀ ਜਾਵੇ: ਮਾਨ

- ਦੂਜੇ ਦਿਨ ਵੀ ਧਰਨੇ ਵਿੱਚ ਸ਼ਮੂਲੀਅਤ ਕਰਕੇ ਪੀੜਿਤ ਪਰਿਵਾਰਾਂ ਨਾਲ ਕੀਤਾ ਦੁੱਖ ਸਾਂਝਾ • ਪੰਜਾਬ ਸਰਕਾਰ ਨੂੰ ਠਹਿਰਾਇਆ ਜ਼ਿੰਮੇਵਾਰ, ਉੱਚ ਪੱਧਰੀ ਜਾਂਚ ਦੀ ਕੀਤੀ ਮੰਗ



ਸੰਗਰੂਰ, 23 ਮਾਰਚ ( ਆਵਾਜ਼ਿ ਕੌਮ ਬਿਊਰੋ): ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਅਤੇ ਮੈਂਬਰ ਪਾਰਲੀਮੈਂਟ ਸ. ਸਿਮਰਨਜੀਤ ਸਿੰਘ ਮਾਨ ਨੇ ਅੱਜ ਪਾਰਟੀ ਦੇ ਵੱਡੀ ਗਿਣਤੀ ਆਗੂਆਂ ਦੇ ਨਾਲ ਅੱਜ ਫਿਰ ਦੂਜੇ ਦਿਨ ਧਰਨੇ ਵਿੱਚ ਸ਼ਮੂਲੀਅਤ ਕਰਕੇ ਪੀੜਿਤ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ, ਇਸ ਦੌਰਾਨ ਉਨ੍ਹਾਂ ਆਪਣੇ ਵੱਲੋਂ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ ਅਤੇ ਉਪਰੋਕਤ ਮੰਦਭਾਗੀ ਘਟਨਾ ਨੂੰ ਪੰਜਾਬ ਸਰਕਾਰ ਦੀ ਨਾਲਾਇਕੀ ਕਰਾਰ ਦਿੰਦੇ ਹੋਏ ਪੀੜਿਤ ਪਰਿਵਾਰਾਂ ਨੂੰ 1-1ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਅਤੇ ਪਰਿਵਾਰਾਂ ਦੇ ਜੀਅ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਵੀ ਉਠਾਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਨਾਲਾਇਕੀ ਕਾਰਨ ਅਨੇਕਾਂ ਘਰਾਂ ਵਿੱਚ ਸੱਥਰ ਵਿੱਛ ਗਏ ਹਨ ਪਰ ਮੁੱਖ ਮੰਤਰੀ ਪੰਜਾਬ ਨੇ ਆਪਣੇ ਜ਼ਿਲ੍ਹੇ ਵਿੱਚ ਐਨਾ ਵੱਡਾ ਕਹਿਰ ਵਾਪਰਣ ਦੇ ਬਾਵਜੂਦ ਲੋਕਾਂ ਨਾਲ ਦੁੱਖ ਸਾਂਝਾ ਕਰਨਾ ਵੀ ਜਾਇਜ ਨਹੀਂ ਸਮਝਿਆ, ਸਰਕਾਰ ਤੇ ਪ੍ਰਸ਼ਾਸਨ ਵੱਲੋਂ ਹੁਣ ਇਸ ਮਾਮਲੇ ਵਿੱਚ ਕੋਈ ਉਚਿਤ ਕਾਰਵਾਈ ਵੀ ਨਹੀਂ ਕੀਤੀ ਜਾ ਰਹੀ, ਅਸਲ ਦੋਸ਼ੀਆਂ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸਦੇ ਚੱਲਦੇ ਪੀੜਤ ਪਰਿਵਾਰਾਂ ਨੂੰ ਇਨਸਾਫ ਲੈਣ ਲਈ ਧਰਨਾ ਦੇਣਾ ਪੈ ਰਿਹਾ ਹੈ, ਉਨ੍ਹਾਂ ਕਿਹਾ ਕਿ ਪੀੜਿਤ ਪਰਿਵਾਰਾਂ ਦਾ ਦੁੱਖ ਅਸਹਿਣਯੋਗ ਹੈ, ਉਨ੍ਹਾਂ ਕਿਹਾ ਕਿ ਸਰਕਾਰ ਨੂੰ ਇਸ ਸਾਰੇ ਮਾਮਲੇ ਦੀ ਜਿੰਮੇਵਾਰੀ ਲੈਂਦੇ ਹੋਏ ਪੀੜਿਤ ਪਰਿਵਾਰਾਂ ਨੂੰ 1-1 ਕਰੋੜ ਰੁਪਏ ਦੀ ਆਰਥਿਕ ਸਹਾਇਤਾ ਅਤੇ ਉਨ੍ਹਾਂ ਦੀਆਂ ਵਿਧਵਾਵਾਂ ਨੂੰ ਸਰਕਾਰੀ ਨੌਕਰੀ ਦੇਣੀ ਚਾਹੀਦੀ ਹੈ, ਇਸਦੇ ਨਾਲ ਹੀ ਇਹ ਵੀ ਯਕੀਨੀ ਬਨਾਉਣਾ ਚਾਹੀਦਾ ਹੈ ਕਿ ਇਹੋ ਜਿਹੀ ਮੰਦਭਾਗੀ ਘਟਨਾ ਦੁਬਾਰਾ ਨਾ ਵਾਪਰੇ, ਉਨ੍ਹਾਂ ਦੱਸਿਆ ਕਿ ਇਸ ਮਾਮਲੇ ਸੰਬੰਧੀ ਉਨ੍ਹਾਂ ਨੇ ਬੀਤੇ ਦਿਨੀਂ ਡੀ.ਸੀ. ਸੰਗਰੂਰ ਨਾਲ ਵੀ ਗੱਲ ਕੀਤੀ ਸੀ ਅਤੇ ਇਨ੍ਹਾਂ ਪਰਿਵਾਰਾਂ ਦੇ ਆਰਥਿਕ ਹਾਲਾਤਾਂ ਤੋਂ ਜਾਣੂ ਕਰਵਾਉਂਦੇ ਹੋਏ ਮ੍ਰਿਕਾਂ ਦੀਆਂ ਵਿਧਵਾਵਾਂ ਨੂੰ ਸਰਕਾਰੀ ਨੌਕਰੀ ਦੇਣ ਅਤੇ ਇੱਕ-ਇੱਕ ਕਰੋੜ ਰੁਪਏ ਦੇਣ ਦੀ ਸਿਫਾਰਿਸ਼ ਕੀਤੀ ਗਈ ਹੈ, ਸ. ਮਾਨ ਨੇ ਕਿਹਾ ਕਿ ਇਹੋ ਜਿਹੀਆਂ ਘਟਨਾਵਾਂ ਪਿਛੜੇ ਹੋਏ ਸੂਬਿਆਂ ਵਿੱਚ ਸੁਨਣ ਨੂੰ ਮਿਲਦੀਆਂ ਸਨ ਪਰ ਪੰਜਾਬ ਵਰਗੇ ਸੂਬੇ ਵਿੱਚ ਇਹੋ ਜਿਹੀਆਂ ਘਟਨਾਵਾਂ ਦਾ ਵਾਪਰਣਾ ਬਹੁਤ ਹੀ ਸ਼ਰਮ ਦੀ ਗੱਲ ਹੈ, ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੋਲ ਨਿਗਰਾਨੀ ਰੱਖਣ ਲਈ ਅਨੇਕਾਂ ਮਹਿਕਮੇਂ ਹਨ, ਫਿਰ ਇਹੋ ਜਿਹੀ ਅਣਗਹਿਲੀ ਕਿਵੇਂ ਹੋ ਸਕਦੀ ਹੈ, ਕਿਵੇਂ ਜਹਿਰੀਲੀ ਸ਼ਰਾਬ ਪਿੰਡਾਂ ਤੱਕ ਪਹੁੰਚ ਸਕਦੀ ਹੈ, ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਕਰਨ ਦੀ ਜਿੰਮੇਵਾਰੀ ਨੂੰ ਨਿਭਾਉਣ ਵਿੱਚ ਪੂਰੀ ਤਰ੍ਹਾਂ ਅਸਫਲ ਸਾਬਤ ਹੋਈ ਹੈ, ਸ. ਮਾਨ ਨੇ ਕਿਹਾ ਕਿ ਸਾਡੀ ਪਾਰਟੀ ਇਸ ਦੁੱਖ ਦੀ ਘੜੀ ਵਿੱਚ ਪੀੜਤ ਪਰਿਵਾਰਾਂ ਦੇ ਨਾਲ ਹੈ, ਪੀੜਤ ਪਰਿਵਾਰਾਂ ਨੂੰ ਇਨਸਾਫ ਦਿਵਾਉਣ ਲਈ ਵਿੱਢੇ ਜਾਣ ਵਾਲੇ ਹਰ ਸੰਘਰਸ਼ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਵੱਧ ਚੜ੍ਹ ਕੇ ਸਾਥ ਦਿੱਤਾ ਜਾਵੇਗਾ। ਇਸ ਮੌਕੇ ਜਥੇਦਾਰ ਹਰਜੀਤ ਸਿੰਘ ਸੰਜੂਮਾਂ, ਜਥੇਦਾਰ ਗੁਰਨੈਬ ਸਿੰਘ ਰਾਮਪੁਰਾ, ਬੀਬੀ ਹਰਪਾਲ ਕੌਰ, ਜਥੇਦਾਰ ਨਰਿੰਦਰ ਸਿੰਘ ਕਾਲਾਬੂਲਾ, ਉਪਿੰਦਰਪ੍ਰਤਾਪ ਸਿੰਘ ਪਾਰਲੀਮੈਂਟਰੀ ਸੈਕਟਰੀ, ਸਾਧੂ ਸਿੰਘ ਪੇਧਨੀ, ਗੁਰਵਿੰਦਰ ਸਿੰਘ ਧੂਰੀ, ਅਰਸ਼ਦੀਪ ਸਿੰਘ ਚਹਿਲ, ਹਰਮਿੰਦਰ ਸਿੰਘ ਦਿਆਲਗੜ੍ਹ ਜੇਜੀਆਂ, ਮਲਕੀਤ ਸਿੰਘ ਖੇਤਲਾ, ਸੁਖਵਿੰਦਰ ਸਿੰਘ ਬਲਿਆਲ, ਜੱਗੀ ਘਰਾਚੋਂ, ਸੁਖਵੀਰ ਸਿੰਘ ਛਾਜਲੀ ਸਮੇਤ ਹੋਰ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਹਾਜਰ ਸਨ।

### ਜਹਿਰੀਲੀ ਸ਼ਰਾਬ ਪੀਣ ਨਾਲ ਹੋਈਆਂ ਮੌਤਾਂ 'ਤੇ ਸੰਗਰੂਰ 'ਚ ਲੱਗਿਆ

## ਮੋਰਚਾ ਮੁੱਖ ਮੰਗਾਂ 'ਤੇ ਸਹਿਮਤੀ ਹੋਣ ਤੇ ਕੀਤਾ ਮੁਲਤਵੀ

ਸੰਗਰੂਰ 23 ਮਾਰਚ ( ਆਵਾਜ਼ਿ ਕੌਮ ਬਿਊਰੋ)-ਪਿੰਡ ਗੁੱਜਰਾਂ , ਢੰਢੋਲੀ ਖੁਰਦ, ਰਾਵਿਦਾਸਪੁਰਾ ਟਿੱਬੀ, ਸਮੇਤ ਹੋਰ ਕਈ ਪਿੰਡਾਂ ਚ ਹੋਈਆਂ ਦਰਜਨਾਂ ਮੌਤਾ ਤੇ ਇਨਸਾਫ ਲਈ ਕੱਲ੍ਹ ਤੋਂ ਲੱਗਿਆ ਮੋਰਚਾ ਦੋਸ਼ੀਆਂ ਦੇ ਖ਼ਿਲਾਫ਼ ਬਣਦੀ ਕਾਰਵਾਈ, ਇਸ ਨਾਲ ਸੰਬਧਿਤ ਮੁਲਜਮਾਂ ਤੇ ਕਾਰਵਾਈ ਕਰਨ, ਪਰਿਵਾਰਾਂ ਨੂੰ ਮੁਆਵਜ਼ਾ ਦੇਣ, ਤੇ ਬਾਕੀ ਮੰਗਾਂ ਲਈ ਲਗਾਤਾਰ ਚੱਲਿਆ ਮੋਰਚਾ ਪ੍ਰਸ਼ਾਸਨ ਨਾਲ ਲੰਬੀ ਜੱਦੋਜਹਿਦ ਤੋਂ ਬਾਅਦ ਆਖਿਰਕਾਰ ਮੁੱਖ ਮੰਗਾ ਤੇ ਸਹਿਮਤੀ ਤੇ ਮੁਲਤਵੀ ਕਰ ਦਿੱਤਾ ਗਿਆ। ਐਕਸ਼ਨ ਕਮੇਟੀ ਦੇ ਆਗੂਆਂ ਵੱਲੋਂ ਦੱਸਿਆ ਗਿਆ ਕਿ ਇਸ ਪੂਰੇ ਘਟਨਾਕ੍ਰਮ ਲਈ ਜਿੰਮੇਵਾਰ ਦੋਸ਼ੀਆਂ ਤੇ ਕਾਰਵਾਈ ਕਰਦੇ ਹੋਏ ਦੋ ਹੋਰ ਨਵੀਆਂ ਐਫ ਆਈ ਆਰਾਂ ਦਰਜ ਕੀਤੀਆਂ ਗਈਆਂ ਹਨ। ਐਕਸਾਈਜ਼ ਮਹਿਕਮੇ ਦੇ ਕਰ ਤੇ ਆਬਕਾਰੀ ਅਤੇ ਨਰੀਖਕ ਰੇਂਜ ਸੰਗਰੂਰ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਗਿਆ। ਇਸ ਤੋਂ ਬਿਨਾਂ ਪਾਤੜਾਂ ਵਿਖੇ ਤੈਨਾਤ ਐਸ ਐਚ ਓ ਦਾ ਤਬਾਦਲਾ ਕੀਤਾ ਗਿਆ ਅਤੇ ਬਾਕੀ ਮੁਲਾਜ਼ਮਾਂ ਦੀ ਮਿਲੀ ਭੁਗਤ ਤੇ ਇਸ ਪੂਰੇ ਘਟਨਾਕ੍ਰਮ ਦੀ ਨਿਰਪੱਖ ਜਾਂਚ ਲਈ ਸਿੱਟ ਦਾ ਗਠਨ ਕੀਤਾ ਗਿਆ। ਇਸ ਤੋਂ ਬਿਨਾਂ ਪੰਜਾਬ ਪੰਜਾਬ ਦੀ ਇੱਕ ਨਾਮੀ ਕੰਪਨੀ ਰਾਂਝਾ ਸੌਫੀ ਦੀ ਸੈਂਪਲਿੰਗ ਲਈ ਗਈ ਅਤੇ ਉਹਨਾਂ ਦੀ ਠੇਕਿਆਂ ਦੀ ਸ਼ਰਾਬ ਨੂੰ ਸੀਲ ਕੀਤਾ ਗਿਆ ਅਤੇ ਜੇਕਰ ਭਵਿੱਖ ਵਿੱਚ ਉਹਨਾਂ ਵਿੱਚ ਕੋਈ ਵੀ ਖਾਮੀ ਨਜ਼ਰ ਆਉਂਦੀ ਹੈ ਤਾਂ ਬਣਦੀ ਕਾਰਵਾਈ ਦੇ ਅਧੀਨ ਲਿਆਉਣ ਦਾ ਵਾਅਦਾ ਕੀਤਾ ਗਿਆ। ਪ੍ਰਸ਼ਾਸਨ ਵੱਲੋਂ ਚੋਣ ਕਮਿਸ਼ਨ ਨੂੰ ਐਸੀ. ਐਸ. ਟੀ ਐਕਟ ਅਧੀਨ 8 ਲੱਖ ਅਤੇ 5 ਲੱਖ ਰੁਪਏ ਦਾ ਕੇਸ ਇਜਾਜ਼ਤ ਲਈ ਬਣਾ ਕੇ ਭੇਜਿਆ ਜਾਵੇਗਾ.